੦੪੫

ਗੁਰਬਾਣੀ

(ਲੇਖਕ: ਮਾ: ਜੁਗਿੰਦਰ ਸਿੰਘ)

ਤਤਕਰਾ/ਪਰਕਰਣ

੧. ਲਕਸ਼ਨ:

੧) ਅਕਾਲੀ ਬਾਣੀ ਅਥਵਾ ਰੱਬੀ ਬਾਣੀ, ਪੂਰੀ ਬਾਣੀ, ਧੁਰ ਕੀ ਬਾਣੀ ਅਥਵਾ ਬ੍ਰਹਮ ਬਾਣੀ
੨) ਪੂਰੇ ਗੁਰੂ ਅਥਵਾ ਸਤਿਗੁਰੂ ਰਾਹੀਂ ਅਵਤਰਨਾ
੩) ਪੂਰੇ ਗੁਰੂ ਤੇ ਪਾਰਬ੍ਰਹਮ ਦੀ ਪਰਵਾਨਗੀ
੪) ਅਨਾਦੀ ਬਾਣੀ
੫) ਇਕੋ ਨਾਮ ਨਾਮੀ ਦੀ ਉਸਤਤਿ ਅਥਵਾ ਨਾਮ ਨਾਮੀ ਦੇ ਗੁਣਾਂ ਦਾ ਵਰਣਨ
੬) ਗੁਰਬਾਣੀ ਨਾਮ ਉਪਜਾਇਕ, ਨਾਮ ਦ੍ਰਿੜ੍ਹਾਇਕ ਅਤੇ ਨਾਮ ਲਖਾਇਕ
੭) ਪਾਰਬ੍ਰਹਮ, ਸਤਿਗੁਰੂ, ਨਾਮ ਅਤੇ ਬਾਣੀ ਭਿੰਨ ਭਿੰਨ ਰੂਪ ਵਿੱਚ
੮) ਗੁਰਮਤਿ ਨਾਮ ਗੁਰ ਬਾਣੀ ਉਪਜਾਇਕ
੯) ਪਾਰਬ੍ਰਹਮ, ਗੁਰੂ, ਗੁਰਬਾਣੀ ਅਤੇ ਨਾਮ ਦੀ ਅਭੇਦਤਾ
੧੦) ਇਕੋ ਇਕ ਨਿਰਾਲੀ ਗੁਰਬਾਣੀ ਦੀ ਸੂਝ ਬੂਝ ਅਤੇ ਪੂਰਨ ਲਾਹਿਆਂ ਹਿੱਤ ਇਕੋ ਇਕ ਪੂਰੇ ਗੁਰੂ ਨੂੰ ਪੂਰੀ ਜੁਗਤਿ ਸਹਿਤ ਭੇਟਣਾ ਅਵਸ਼ ਜ਼ਰੂਰੀ
੧੧) ਗੁਰਬਾਣੀ ਦੀ ਅਸਲ ਕਥਾ

੨. ਗੁਰਬਾਣੀ ਦੇ ਪਾਠ ਅਤੇ ਕੀਰਤਨ ਕਰਨ ਸੁਨਣ ਦੇ ਉੱਤਮ ਫਲ

੧) ਕਾਮ, ਕ੍ਰੋਧ, ਲੋਭ, ਮੋਹ, ਹੰਕਾਰ, ਤ੍ਰਿਸਨਾ, ਤ੍ਰਿਖਾ, ਤਪਤ, ਭ੍ਰਮ, ਭ੍ਰਾਂਤ, ਆਸਾ ਮਨਸਾ, ਸਹਸਾ, ਡਰ, ਭਉ, ਅਗਿਆਨ ਅੰਧੇਰਾ, ਸਮੂਹ ਪਾਪਾ, ਕਸੰਮਲਾਂ, ਅਪਰਾਧਾਂ, ਅਉਗਣਾਂ, ਦੁਰਮਤਾਂ, ਵਿਕਾਰਾਂ, ਕਾੜਿਆਂ, ਅੰਦੇਸਿਆਂ, ਦੁੱਖਾਂ, ਰੋਗਾਂ, ਸੋਗਾਂ, ਬਿਘਨਾ, ਤਾਪਾਂ, ਕਸੰਮਲਾਂ ਅਤੇ ਜਨਮਾਂ ਜਨਮਾਤ੍ਰਾਂ ਦੀਆਂ ਅਨਿਕ ਪਰਕਾਰੀ ਕਰਮਾਂ ਧਰਮਾਂ ਦੀਆਂ ਮੈਲਾਂ ਦਾ ਨਾਸ ।
੨) ਸਮੂਹ ਦੁੱਖਾਂ ਦੀ ਜੜ੍ਹ ਹਉਮੈ ਦਾ ਨਾਸ ।
੩) ਜਮ ਕਾਲ, ਆਵਣ ਜਾਣ, ਅਥਵਾ ਆਵਾਗਉਣ ਤੋਂ ਛੁਟਕਾਰਾ ।
੪) ਭਵਸਾਗਰ ਬਿਖ ਭਵਜਲੋਂ ਪਾਰਉਤਾਰਾ ।
੫) ਸੱਚਾ ਸੁੱਖ, ਸੱਚਾ ਸੰਜਮ, ਸੱਚਾ ਜਪੁ, ਸੱਚਾ ਤਪੁ, ਸੱਚਾ ਗਿਆਨ, ਸੱਚਾ ਧਿਆਨ, ਸੱਚਾ ਸੰਤੋਖ, ਸੱਚੀ ਮਤਿ, ਸੱਚੀ ਸ਼ਾਂਤੀ, ਸੱਚੀ ਭਗਤਿ, ਸੱਚੀ ਪ੍ਰੀਤਿ, ਸੱਚੀ ਸੀਤਲਤਾ, ਸੱਚੀ ਪਵਿੱਤਰਤਾ ਅਤੇ ਮਹਾਂ ਅਨੰਦ ਦੀ ਪ੍ਰਾਪਤੀ ।
੬) ਨਾਮ ਦੇ ਅਪਾਰ ਗੂੜ੍ਹੇ ਲਾਲ ਗੁਲਾਲ ਚਲੂਲੇ ਰੰਗਾਂ ਦੀ ਪ੍ਰਾਪਤੀ ਤੇ ਨਾਮ ਦਾ ਪ੍ਰਕਾਸ਼ ਅਤੇ ਅਨਾਹਦ ਸ਼ਬਦ ਦਾ ਮੇਲ ।
੭) ਸੱਚੀ ਲਿਵ, ਸੱਚੀ ਇਕਾਗਰਤਾ, ਮਨ ਦੀ ਨਿਰਮਲਤਾ ਅਤੇ ਮਨ ਦੀ ਜਿੱਤ
੮) ਸਹਜ ਪਦ, ਤੁਰੀਆ ਪਦ ਅਥਵਾ ਅਮਰਪਦ, ਪਰਮ ਪਦ ਦੀ ਪ੍ਰਾਪਤੀ

੯) ਮੋਖ ਦੁਆਰ, ਸੱਚੀ ਮੁਕਤਿ ਪ੍ਰਾਪਤ
੧੦) ਹਿਰਦੇ ਕੰਵਲ ਦਾ ਖਿੜਾਉ ਅਤੇ ਨਾਮ ਨਾਮੀ ਦਾ ਅਤੇ ਹਿਰਦੇ ਮਨ ਵਿਖੇ ਨਿਵਾਸ
੧੧) ਮਾਣਸ ਜਨਮ ਦੀ ਸਫ਼ਲਤਾ
੧੨) ਆਪੇ ਦੀ ਪਛਾਣ, ਨਾਮ ਦੀ ਸੋਝੀ, ਨਾਮੀ ਦੀ ਲੱਖਤਾ ਅਤੇ ਅਸਲ ਗੁਣਾਂ ਦੀ ਪਰਖ
੧੩) ਸਮੂਹ ਕਾਰਜਾਂ ਦੀ ਸਿੱਧੀ ਅਤੇ ਮਨਿ ਬਾਂਛਤ ਸਗਲ ਫਲਾਂ ਦੀ ਪ੍ਰਾਪਤੀ
੧੪) ਸੱਚਾ ਸੁਹਾਗ ਭਾਗ ਤੇ ਨਾਮੀ ਦੇ ਨਿੱਜ ਸਰੂਪ ਵਿਖੇ ਸਮਾਈ
੧੫) ਗੁਰਬਾਣੀ ਕਮਾਉਣਹਾਰਿਆਂ ਤੋਂ ਗੁਰੂ ਬਲਿਹਾਰ
੧੬) ਗੁਰਬਾਣੀ ਦੇ ਅਭਿਆਸ ਲਈ ਗੁਰੂ ਸਾਹਿਬ ਦੇ ਪਿਆਰ ਭਰੇ ਤਾਕੀਦੀ ਹੁਕਮ
੧੭) ਕੱਚੀ ਬਾਣੀ ਤਿਆਗਣ ਯੋਗ
੧੮) ਗੁਰਬਾਣੀ ਵਿਸਾਰਨਹਾਰਿਆਂ ਦੀ ਦੁਰਦਿਸ਼ਾ

੩. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦਾ ਮੁਕੰਮਲ ਵੇਰਵਾ

(੧) ਲਕਸ਼ਨ

੧) ਅਕਾਲੀ ਬਾਣੀ ਅਥਵਾ ਰੱਬੀ ਬਾਣੀ, ਪੂਰੀ ਬਾਣੀ, ਧੁਰ ਕੀ ਬਾਣੀ ਅਥਵਾ ਬ੍ਰਹਮ ਬਾਣੀ

- ਅੰਤਰਿ ਬਾਹਰਿ ਤੇਰੀ ਬਾਣੀ॥ ਤੁਧੁ ਆਪਿ ਕਥੀ ਤੈ ਆਪਿ ਵਖਾਣੀ॥ (੯੯)

- ਸੋ ਕਿਛੁ ਕਰੈ ਜੁ ਚਿਤਿ ਨ ਹੋਈ॥ ਤਿਸ ਦਾ ਹੁਕਮੁ ਮੇਟਿ ਨ ਸਕੈ ਕੋਈ॥
  ਹੁਕਮੇ ਵਰਤੈ ਅੰਮ੍ਰਿਤ ਬਾਣੀ ਹੁਕਮੇ ਅੰਮ੍ਰਿਤੁ ਪੀਆਵਣਿਆ॥ (੧੧੮)

- ਜੋ ਨਿੰਦਾ ਕਰੇ ਸਤਿਗੁਰ ਪੂਰੇ ਕੀ ਸੋ ਸਾਚੈ ਮਾਰਿ ਪਚਾਇਆ॥
  ਏਹੁ ਅਖਰੁ ਤਿਨਿ ਆਖਿਆ ਜਿਨਿ ਜਗਤੁ ਸਭੁ ਉਪਾਇਆ॥ (੩੦੬)

- ਧੁਰ ਕੀ ਬਾਣੀ ਆਈ॥ ਤਿਨਿ ਸਗਲੀ ਚਿੰਤ ਮਿਟਾਈ॥ (੬੨੮)

- ਬੋਲੇ ਸਾਹਿਬ ਕੈ ਭਾਣੈ॥ ਦਾਸੁ ਬਾਣੀ ਬ੍ਰਹਮੁ ਵਖਾਣੈ॥ (੬੨੯)

- ਅਨਦਿਨੁ ਨਾਮੁ ਜਪਹੁ ਗੁਰਸਿਖਹੁ ਹਰਿ ਕਰਤਾ ਸਤਿਗੁਰੁ ਘਰੀ ਵਸਾਏ॥
  ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਜਾਣਹੁ ਗੁਰਸਿਖਹੁ ਹਰਿ ਕਰਤਾ ਆਪਿ ਮੁਹਹੁ ਕਢਾਏ॥ (੩੦੮)

- ਜੈਸੀ ਮੈ ਆਵੈ ਖਸਮ ਕੀ ਬਾਣੀ ਤੈਸੜਾ ਕਰੀ ਗਿਆਨੁ ਵੇ ਲਾਲੋ॥ (੭੨੨)

- ਸਫਲ ਦਰਸੁ ਤੇਰਾ ਪਾਰਬ੍ਰਹਮ ਗੁਣ ਨਿਧਿ ਤੇਰੀ ਬਾਣੀ॥
  ਪਾਵਉ ਧੂਰਿ ਤੇਰੇ ਦਾਸ ਕੀ ਨਾਨਕ ਕੁਰਬਾਣੀ॥ (੮੦੮)

- ਹਰਿ ਗੁਣ ਗਾਇ ਪਰਮ ਪਦੁ ਪਾਇਆ ਪ੍ਰਭ ਕੀ ਊਤਮ ਬਾਣੀ॥
  ਸਹਜ ਕਥਾ ਪ੍ਰਭ ਕੀ ਅਤਿ ਮੀਠੀ ਕਥੀ ਅਕਥ ਕਹਾਣੀ॥ (੭੮੧)

- ਜਾ ਕਉ ਰਾਖੈ ਹਰਿ ਰਾਖਣਹਾਰਾ॥ ਤਾ ਕਉ ਕੋਇ ਨ ਸਾਕਸਿ ਮਾਰਾ॥
  ਸੋ ਐਸਾ ਹਰਿ ਸੇਵਹੁ ਸੰਤਹੁ ਜਾ ਕੀ ਊਤਮ ਬਾਣੀ ਹੇ॥ (੧੦੭੦)

- ਜਪਿ ਮਨ ਮੇਰੇ ਗੋਵਿੰਦ ਕੀ ਬਾਣੀ॥ ਸਾਧੂ ਜਨ ਰਾਮੁ ਰਸਨ ਵਖਾਣੀ॥ (੧੯੨)

- ਗੁਰ ਕੀ ਬਾਣੀ ਸਭ ਮਾਹਿ ਸਮਾਣੀ॥ ਆਪਿ ਸੁਣੀ ਤੈ ਆਪਿ ਵਖਾਣੀ॥
  ਜਿਨਿ ਜਿਨਿ ਜਪੀ ਤੇਈ ਸਭਿ ਨਿਸਤ੍ਰੇ ਤਿਨ ਪਾਇਆ ਨਿਹਚਲ ਥਾਨਾਂ ਹੇ॥ (੧੦੭੫)

- ਤੇਰਾ ਵਖਤੁ ਸੁਹਾਵਾ ਅੰਮ੍ਰਿਤੁ ਤੇਰੀ ਬਾਣੀ॥ ਸੇਵਕ ਸੇਵਹਿ ਭਾਉ ਕਰਿ ਲਾਗਾ ਸਾਉ ਪਰਾਣੀ॥ (੫੬੬)
- ਹਉਮੈ ਸਬਦਿ ਜਲਾਇਆ ਮੇਰੇ ਹਰਿ ਭਾਇਆ ਜਿਸ ਦੀ ਸਾਚੀ ਬਾਣੀ॥

ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ॥ (੭੬੮)

(੨) ਪੂਰੇ ਗੁਰੂ ਅਥਵਾ ਸਤਿਗੁਰੂ ਰਾਹੀ ਅਵਤਰਨਾ

- ਗੁਰ ਪੂਰੇ ਕੀ ਬਾਣੀ॥ ਪਾਰਬ੍ਰਹਮ ਮਨਿ ਭਾਣੀ॥
ਨਾਨਕ ਦਾਸਿ ਵਖਾਣੀ॥ ਨਿਰਮਲ ਅਕਥ ਕਹਾਣੀ॥ (੬੨੯)

- ਪੂਰੇ ਗੁਰ ਕੀ ਸਾਚੀ ਬਾਣੀ॥ ਸੁਖ ਮਨ ਅੰਤਰਿ ਸਹਜਿ ਸਮਾਣੀ॥ (੬੬੩)

- ਵਾਹੁ ਵਾਹੁ ਪੂਰੇ ਗੁਰ ਕੀ ਬਾਣੀ॥ ਪੂਰੇ ਗੁਰ ਤੇ ਉਪਜੀ ਸਾਚਿ ਸਮਾਣੀ॥ (੭੫੪)

- ਸਚੁ ਰਖਿਆ ਉਰ ਧਾਰੇ ਦੁਤਰੁ ਤਾਰੇ ਫਿਰਿ ਭਵਜਲੁ ਤਰਣੁ ਨ ਹੋਈ॥
ਸਚਾ ਸਤਿਗੁਰੁ ਸਚੀ ਬਾਣੀ ਜਿਨਿ ਸਚੁ ਵਿਖਾਲਿਆ ਸੋਈ॥ (੭੬੯)

- ਅੰਮ੍ਰਿਤ ਬਾਣੀ ਸਤਿਗੁਰ ਪੂਰੇ ਕੀ ਜਿਸੁ ਕਿਰਪਾਲੁ ਹੋਵੈ ਤਿਸੁ ਰਿਦੈ ਵਸੇਹਾ॥
ਆਵਣ ਜਾਣਾ ਤਿਸ ਕਾ ਕਟੀਐ ਸਦਾ ਸਦਾ ਸੁਖੁ ਹੋਹਾ॥ (੯੬੧)

- ਪੂਰੇ ਗੁਰ ਕੀ ਪੂਰੀ ਬਾਣੀ॥ ਪੂਰੈ ਲਾਗਾ ਪੂਰੇ ਮਾਹਿ ਸਮਾਣੀ॥
ਚੜੈ ਸਵਾਇਆ ਨਿਤ ਨਿਤ ਰੰਗਾ ਘਟੈ ਨਾਹੀ ਤੋਲੀਜਾ ਹੇ॥ (੧੦੭੪)

- ਗੁਰ ਕੀ ਬਾਣੀ ਸਭ ਮਾਹਿ ਸਮਾਣੀ॥ ਆਪਿ ਸੁਣੀ ਤੈ ਆਪਿ ਵਖਾਣੀ॥
ਜਿਨਿ ਜਿਨਿ ਜਪੀ ਤੇਈ ਸਭਿ ਨਿਸਤ੍ਰੇ ਤਿਨ ਪਾਇਆ ਨਿਹਚਲ ਥਾਨਾਂ ਹੇ॥ (੧੦੭੫)

(੩) ਪੂਰੇ ਗੁਰੂ ਤੇ ਪਾਰਬ੍ਰਹਮ ਦੀ ਪ੍ਰਵਾਨਗੀ

- ਗੁਰ ਪੂਰੇ ਕੀ ਬਾਣੀ॥ ਪਾਰਬ੍ਰਹਮ ਮਨਿ ਭਾਣੀ॥ ਨਾਨਕ ਦਾਸਿ ਵਖਾਣੀ॥ ਨਿਰਮਲ ਅਕਥ ਕਹਾਣੀ॥ (੬੨੯)

- ਨਿਰਮਲ ਸੋਭਾ ਅਚਰਜ ਬਾਣੀ॥ ਪਾਰਬ੍ਰਹਮ ਪੂਰਨ ਮਨਿ ਭਾਣੀ॥ (੧੧੪੯)

(੪) ਅਨਾਦੀ ਬਾਣੀ

- ਆਖਣੁ ਵੇਖਣੁ ਬੋਲਣਾ ਸਬਦੇ ਰਹਿਆ ਸਮਾਇ॥ ਬਾਣੀ ਵਜੀ ਚਹੁ ਜੁਗੀ ਸਚੋ ਸਚੁ ਸੁਣਾਇ॥ (੩੫)

- ਅੰਮ੍ਰਿਤੁ ਵਰਖੈ ਅਨਹਦ ਬਾਣੀ॥ ਮਨ ਤਨ ਅੰਤਰਿ ਸਾਂਤਿ ਸਮਾਣੀ॥ (੧੦੫)

- ਅਨਹਤ ਬਾਣੀ ਥਾਨੁ ਨਿਰਾਲਾ॥ ਤਾ ਕੀ ਧੁਨਿ ਮੋਹੇ ਗੋਪਾਲਾ॥ (੧੮੬)

- ਸਦਾ ਹਜੂਰਿ ਰਵਿਆ ਸਭ ਠਾਈ ਹਿਰਦੈ ਨਾਮੁ ਅਪਾਰਾ॥

ਜੁਗਿ ਜੁਗਿ ਬਾਣੀ ਸਬਦਿ ਪਛਾਣੀ ਨਾਉ ਮੀਠਾ ਮਨਹਿ ਪਿਆਰਾ॥ (੬੦੨)

- ਅਨਹਦ ਬਾਣੀ ਗੁਰਮੁਖਿ ਜਾਣੀ ਬਿਰਲੋ ਕੋ ਅਰਥਾਵੈ॥
ਨਾਨਕੁ ਆਖੈ ਸਚੁ ਸੁਭਾਖੈ ਸਚਿ ਰਪੈ ਰੰਗੁ ਕਬਹੂ ਨ ਜਾਵੈ॥ (੯੪੫)

- ਚਹੁ ਜੁਗ ਮਹਿ ਅੰਮ੍ਰਿਤੁ ਸਾਚੀ ਬਾਣੀ॥ ਪੂਰੈ ਭਾਗਿ ਹਰਿ ਨਾਮਿ ਸਮਾਣੀ॥ (੬੬੫)

- ਭਗਤ ਜਨਾ ਕੀ ਊਤਮ ਬਾਣੀ ਜੁਗਿ ਜੁਗਿ ਰਹੀ ਸਮਾਈ॥
ਬਾਣੀ ਲਾਗੈ ਸੋ ਗਤਿ ਪਾਏ ਸਬਦੇ ਸਚਿ ਸਮਾਈ॥ (੯੦੯)

- ਤਿਨਿ ਕਰਤੈ ਇਕੁ ਚਲਤੁ ਉਪਾਇਆ॥ ਅਨਹਦ ਬਾਣੀ ਸਬਦੁ ਸੁਣਾਇਆ॥ (੧੧੫੪)

- ਅਨਹਦ ਬਾਣੀ ਗੁਰਮੁਖਿ ਵਖਾਣੀ ਜਸੁ ਸੁਣਿ ਸੁਣਿ ਮਨੁ ਤਨੁ ਹਰਿਆ॥
ਸਰਬ ਸੁਖਾ ਤਿਸ ਹੀ ਬਣਿ ਆਏ ਜੋ ਪ੍ਰਭਿ ਅਪਨਾ ਕਰਿਆ॥ (੭੯੧)

(੫) ਇਕੋ ਨਾਮ ਨਾਮੀ ਦੀ ਉਸਤਤਿ ਅਥਵਾ ਨਾਮ ਨਾਮੀ ਦੇ ਗੁਣਾਂ ਦਾ ਵਰਣਨ

- ਸਫਲ ਸੁ ਬਾਣੀ ਜਿਤੁ ਨਾਮੁ ਵਖਾਣੀ॥ ਗੁਰ ਪਰਸਾਦਿ ਕਿਨੈ ਵਿਰਲੈ ਜਾਣੀ॥ (੧੦੩)

- ਗੁਰਮਤੀ ਨਾਮੁ ਰਿਦੈ ਵਸਾਏ॥ ਸਾਚੀ ਬਾਣੀ ਹਰਿ ਗੁਣ ਗਾਏ॥ (੨੨੨)

- ਸਗਲ ਬਾਨੀ ਮਹਿ ਅੰਮ੍ਰਿਤ ਬਾਨੀ॥ ਹਰਿ ਕੋ ਜਸੁ ਸੁਨਿ ਰਸਨ ਬਖਾਨੀ॥ (੨੬੬)

- ਗੁਣ ਗੋਬਿੰਦ ਨਾਮ ਧੁਨਿ ਬਾਣੀ॥ ਸਿਮ੍ਰਿਤਿ ਸਾਸਤ੍ਰ ਬੇਦ ਬਖਾਣੀ॥ (੨੯੬)

- ਨਿਰਮਲ ਸੋਭਾ ਅੰਮ੍ਰਿਤ ਤਾ ਕੀ ਬਾਨੀ॥ ਏਕੁ ਨਾਮੁ ਮਨ ਮਾਹਿ ਸਮਾਨੀ॥ (੨੯੬)

- ਅੰਮ੍ਰਿਤ ਬਚਨ ਸਾਧ ਕੀ ਬਾਣੀ॥ ਜੋ ਜੋ ਜਪੈ ਤਿਸ ਕੀ ਗਤਿ ਹੋਵੈ ਹਰਿ ਹਰਿ ਨਾਮੁ ਨਿਤ ਰਸਨ ਬਖਾਨੀ॥ (੭੪੪)

- ਗੁਰਮੁਖਾ ਹਰਿ ਧਨੁ ਖਟਿਆ ਗੁਰ ਕੈ ਸਬਦਿ ਵੀਚਾਰਿ॥ ਨਾਮੁ ਪਦਾਰਥੁ ਪਾਇਆ ਅਤੁਟ ਭਰੇ ਭੰਡਾਰ॥
ਹਰਿ ਗੁਣ ਬਾਣੀ ਉਚਰਹਿ ਅੰਤੁ ਨ ਪਾਰਾਵਾਰੁ॥ (੧੪੧੪)

- ਨਿਰਮਲ ਗੁਣ ਗਾਏ ਨਾਮੁ ਮੰਨਿ ਵਸਾਏ ਹਰਿ ਕੀ ਅੰਮ੍ਰਿਤ ਬਾਣੀ॥
ਜਿਨ੍ ਮਨਿ ਵਸਿਆ ਸੇਈ ਜਨ ਨਿਸਤਰੇ ਘਟਿ ਘਟਿ ਸਬਦਿ ਸਮਾਣੀ॥ (੭੭੦)

- ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ॥
ਗੁਰੁ ਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥ (੯੮੨)

- ਆਪੇ ਕਰਤਾ ਕਰੇ ਕਰਾਏ॥ ਸਚੀ ਬਾਣੀ ਸਚੁ ਦ੍ਰਿੜਾਏ॥
ਨਾਨਕ ਨਾਮੁ ਮਿਲੈ ਵਡਿਆਈ ਜੁਗਿ ਜੁਗਿ ਏਕੋ ਜਾਤਾ ਹੇ॥ (੧੦੫੩)

- ਗੁਰ ਕਾ ਸਬਦੁ ਅੰਮ੍ਰਿਤ ਹੈ ਬਾਣੀ॥ ਅਨਦਿਨੁ ਹਰਿ ਕਾ ਨਾਮੁ ਵਖਾਣੀ॥
ਹਰਿ ਹਰਿ ਸਚਾ ਵਸੈ ਘਟ ਅੰਤਰਿ ਸੋ ਘਟੁ ਨਿਰਮਲੁ ਤਾਹਾ ਹੇ॥ (੧੦੫੭)

- ਨਾਨਕੁ ਬੋਲੈ ਅੰਮ੍ਰਿਤ ਬਾਣੀ॥ ਏਕ ਬਿਨਾ ਦੂਜਾ ਨਹੀ ਜਾਣੀ॥ (੧੧੩੭)

- ਜੋ ਦੀਸੈ ਸੋ ਏਕੋ ਤੂਹੈ॥ ਬਾਣੀ ਤੇਰੀ ਸ੍ਰਵਣਿ ਸੁਣੀਐ॥
ਦੂਜੀ ਅਵਰ ਨ ਜਾਪਸਿ ਕਾਈ ਸਗਲ ਤੁਮਾਰੀ ਧਾਰਣਾ॥ (੧੦੭੬)

- ਤਿਨਿ ਕਰਤੈ ਇਕੁ ਚਲਤੁ ਉਪਾਇਆ॥ ਅਨਹਦ ਬਾਣੀ ਸਬਦਿ ਸੁਣਾਇਆ॥ (੧੧੫੪)

- ਅੰਮ੍ਰਿਤ ਬਾਣੀ ਤਤੁ ਵਖਾਣੀ ਗਿਆਨ ਧਿਆਨ ਵਿਚਿ ਆਈ॥
ਗੁਰਮੁਖਿ ਆਖੀ ਗੁਰਮੁਖਿ ਜਾਤੀ ਸੁਰਤੰਤੀ ਕਰਮਿ ਧਿਆਈ॥ (੧੨੪੩)

- ਅੰਮ੍ਰਿਤ ਗੁਣ ਉਚਰੈ ਪ੍ਰਭ ਬਾਣੀ॥ ਪੂਰੇ ਗੁਰ ਕੀ ਸੁਮਤਿ ਪਰਾਣੀ॥ (੧੮੪)

- ਮਨੁ ਤਨੁ ਨਿਰਮਲੁ ਨਿਰਮਲ ਮਤਿ ਊਤਮ ਊਤਮ ਬਾਣੀ ਹੋਈ॥
ਏਕੋ ਪੁਰਖੁ ਏਕੁ ਪ੍ਰਭੁ ਜਾਤਾ ਦੂਜਾ ਅਵਰੁ ਨ ਕੋਈ॥ (੧੨੫੯)

- ਸਾਚੀ ਕੀਰਤਿ ਸਾਚੀ ਬਾਣੀ॥ ਹੋਰ ਨ ਦੀਸੈ ਬੇਦ ਪੁਰਾਣੀ॥ (੧੦੨੨)

(੬) ਗੁਰਬਾਣੀ ਨਾਮ ਉਪਜਾਇਕ, ਨਾਮ ਦ੍ਰਿੜ੍ਹਾਇਕ ਅਤੇ ਨਾਮ ਲਖਾਇਕ

- ਸਫਲ ਸੁ ਬਾਣੀ ਜਿਤੁ ਨਾਮੁ ਵਖਾਣੀ॥ ਗੁਰ ਪਰਸਾਦਿ ਕਿਨੈ ਵਿਰਲੈ ਜਾਣੀ॥
ਧੰਨੁ ਸੁ ਵੇਲਾ ਜਿਤੁ ਹਰਿ ਗਾਵਤ ਸੁਨਣਾ ਆਏ ਤੇ ਪਰਵਾਨਾ ਜੀਉ॥ (੧੦੩)

- ਅੰਮ੍ਰਿਤ ਨਾਮੁ ਮੰਨਿ ਵਸਾਏ॥ ਹਉਮੈ ਮੇਰਾ ਸਭੁ ਦੁਖੁ ਗਵਾਏ॥
ਅੰਮ੍ਰਿਤ ਬਾਣੀ ਸਦਾ ਸਲਾਹੇ ਅੰਮ੍ਰਿਤਿ ਅੰਮ੍ਰਿਤੁ ਪਾਵਣਿਆ॥ (੧੧੮)

- ਅਜਬ ਕੰਮ ਕਰਤੇ ਹਰਿ ਕੇਰੇ॥ ਇਹੁ ਮਨੁ ਭੂਲਾ ਜਾਂਦਾ ਫੇਰੇ॥
ਅੰਮ੍ਰਿਤ ਬਾਣੀ ਸਿਉ ਚਿਤੁ ਲਾਏ ਅੰਮ੍ਰਿਤ ਸਬਦਿ ਵਜਾਵਣਿਆ॥ (੧੧੮)

- ਗੁਰਮੁਖਿ ਭਗਤਿ ਜਾ ਆਪਿ ਕਰਾਏ॥ ਤਨੁ ਮਨੁ ਰਾਤਾ ਸਹਜਿ ਸੁਭਾਏ॥
ਬਾਣੀ ਵਜੈ ਸਬਦਿ ਵਜਾਏ ਗੁਰਮੁਖਿ ਭਗਤਿ ਥਾਇ ਪਾਵਣਿਆ॥ (੧੨੨)

- ਸਤਿਗੁਰੂ ਸੇਵੇ ਸੋ ਫਲੁ ਪਾਏ॥ ਹਿਰਦੈ ਨਾਮੁ ਵਿਚਹੁ ਆਪੁ ਗਵਾਏ॥
ਅਨਹਦ ਬਾਣੀ ਸਬਦੁ ਵਜਾਏ॥ (੨੩੧)

- ਗੁਰ ਕੀ ਬਾਣੀ ਨਾਮਿ ਵਜਾਏ॥ ਨਾਨਕ ਮਹਲੁ ਸਬਦਿ ਘਰੁ ਪਾਏ॥ (੩੬੨)

- ਜਿਨ੍ ਕੈ ਪੋਤੈ ਪੁੰਨੁ ਤਿਨ੍ਾ ਗੁਰੂ ਮਿਲਾਏ॥ ਸਚੁ ਬਾਣੀ ਗੁਰੁ ਸਬਦੁ ਸੁਣਾਏ॥ (੩੬੪)

- ਪੰਚ ਸਖੀ ਮਿਲਿ ਮੰਗਲੁ ਗਾਇਆ॥ ਅਨਹਦ ਬਾਣੀ ਨਾਦੁ ਵਜਾਇਆ॥ (੩੭੫)

- ਤਿਨਿ ਪ੍ਰਭਿ ਸਾਚੈ ਇਕਿ ਸਚਿ ਲਾਏ॥ ਊਤਮ ਬਾਣੀ ਸਬਦੁ ਸੁਣਾਏ॥ (੬੬੪)

- ਸਤਿਗੁਰ ਕੀ ਜਿਸ ਨੋ ਮਤਿ ਆਵੈ ਸੋ ਸਤਿਗੁਰ ਮਾਹਿ ਸਮਾਨਾ॥
ਇਹ ਬਾਣੀ ਜੋ ਜੀਅਹੁ ਜਾਣੈ ਤਿਸੁ ਅੰਤਰਿ ਰਵੈ ਹਰਿ ਨਾਮਾ॥ (੭੯੭)

- ਗੁਰਮੁਖਿ ਗਾਵੈ ਆਪੁ ਗਵਾਵੈ ਦਰਿ ਸਾਚੈ ਸੋਭਾ ਪਾਈ॥
ਸਾਚੀ ਬਾਣੀ ਸਚੁ ਵਖਾਣੈ ਸਚਿ ਨਾਮਿ ਲਿਵ ਲਾਈ॥ (੯੧੦)

- ਆਪੇ ਕਰਤਾ ਕਰੇ ਕਰਾਏ॥ ਸਚੀ ਬਾਣੀ ਸਚੁ ਦ੍ਰਿੜਾਏ॥
ਨਾਨਕ ਨਾਮੁ ਮਿਲੈ ਵਡਿਆਈ ਜੁਗਿ ਜੁਗਿ ਏਕੋ ਜਾਤਾ ਹੇ॥ (੧੦੫੩)

- ਗੁਰਮੁਖਿ ਭਗਤ ਸੋਹਹਿ ਦਰਬਾਰੇ॥ ਸਚੀ ਬਾਣੀ ਸਬਦਿ ਸਵਾਰੇ॥
ਅਨਦਿਨੁ ਗੁਣ ਗਾਵੈ ਦਿਨੁ ਰਾਤੀ ਸਹਜ ਸੇਤੀ ਘਰਿ ਜਾਹਾ ਹੇ॥ (੧੦੫੫)

- ਗੁਰਮੁਖਿ ਮਨੂਆ ਉਲਟਿ ਪਰਾਵੈ॥ ਗੁਰਮੁਖਿ ਬਾਣੀ ਨਾਦੁ ਵਜਾਵੈ॥
ਗੁਰਮੁਖਿ ਸਚਿ ਰਤੇ ਬੈਰਾਗੀ ਨਿਜ ਘਰਿ ਵਾਸਾ ਪਾਇਦਾ॥ (੧੦੫੮)

- ਗੁਰ ਸੇਵਾ ਤੇ ਕਰਣੀ ਸਾਰ॥ ਰਾਮ ਨਾਮੁ ਰਾਖਹੁ ਉਰਿ ਧਾਰ॥
ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ॥ (੧੦੬੬)

- ਜਿਨਿ ਮਨ ਵਿਚਿ ਵਥੁ ਪਾਈ ਸੋਈ ਜਾਣੈ॥ ਗੁਰ ਕੈ ਸਬਦੇ ਆਪੁ ਪਛਾਣੈ॥
ਆਪੁ ਪਛਾਣੈ ਸੋਈ ਜਨੁ ਨਿਰਮਲੁ ਬਾਣੀ ਸਬਦੁ ਸੁਣਾਇਦਾ॥ (੧੦੬੫)

- ਤਿਨਿ ਕਰਤੈ ਇਕੁ ਚਲਤੁ ਉਪਾਇਆ॥ ਅਨਹਦ ਬਾਣੀ ਸਬਦੁ ਸੁਣਾਇਆ॥ (੧੧੫੪)

- ਸਤਿਗੁਰ ਬਾਣੀ ਸਬਦੁ ਸੁਣਾਏ॥ ਇਹੁ ਜਗੁ ਹਰਿਆ ਸਤਿਗੁਰ ਭਾਏ॥ (੧੧੭੭)

- ਸਾਚੀ ਗਤਿ ਸਾਚੈ ਚਿਤੁ ਲਾਏ॥ ਗੁਰ ਕੀ ਬਾਣੀ ਸਬਦਿ ਸੁਣਾਏ॥ (੧੨੭੭)

- ਆਪੇ ਆਪਿ ਮਿਲੈ ਤਾ ਬੂਝੈ॥ ਗਿਆਨ ਵਿਹੂਣਾ ਕਿਛੂ ਨ ਸੂਝੈ॥
ਗੁਰ ਕੀ ਦਾਤਿ ਸਦਾ ਮਨ ਅੰਤਰਿ ਬਾਣੀ ਸਬਦਿ ਵਜਾਈ ਹੇ॥ (੧੦੪੪)

- ਰਤਨਾ ਰਤਨ ਪਦਾਰਥ ਬਹੁ ਸਾਗਰੁ ਭਰਿਆ ਰਾਮ॥ ਬਾਣੀ ਗੁਰਬਾਣੀ ਲਾਗੇ ਤਿਨ੍ ਹਥਿ ਚੜਿਆ ਰਾਮ॥
ਗੁਰਬਾਣੀ ਲਾਗੇ ਤਿਨ੍ ਹਥਿ ਚੜਿਆ ਨਿਰਮੋਲਕੁ ਰਤਨੁ ਅਪਾਰਾ॥
ਹਰਿ ਹਰਿ ਨਾਮੁ ਅਤੋਲਕੁ ਪਾਇਆ ਤੇਰੀ ਭਗਤਿ ਭਰੇ ਭੰਡਾਰਾ॥ (੪੪੨)

(੭) ਪਾਰਬ੍ਰਹਮ, ਸਤਿਗੁਰੂ, ਨਾਮ ਅਤੇ ਬਾਣੀ ਭਿੰਨ ਭਿੰਨ ਰੂਪ ਵਿਚ

- ਅੰਮ੍ਰਿਤ ਸਬਦੁ ਅੰਮ੍ਰਿਤ ਹਰਿ ਬਾਣੀ॥ ਸਤਿਗੁਰਿ ਸੇਵਿਐ ਰਿਦੈ ਸਮਾਣੀ॥
ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭ ਭੁਖ ਲਹਿ ਜਾਵਣਿਆ॥ (੧੧੯)

- ਗੁਰਮੁਖਿ ਭਗਤਿ ਜਾ ਆਪਿ ਕਰਾਏ॥ ਤਨੁ ਮਨੁ ਰਾਤਾ ਸਹਜਿ ਸੁਭਾਏ॥
ਬਾਣੀ ਵਜੈ ਸਬਦਿ ਵਜਾਏ ਗੁਰਮੁਖਿ ਭਗਤਿ ਥਾਇ ਪਾਵਣਿਆ॥ (੧੨੨)

- ਸਤਿਗੁਰ ਸੰਗਿ ਨਾਹੀ ਮਨੁ ਡੋਲੈ॥ ਅੰਮ੍ਰਿਤ ਬਾਣੀ ਗੁਰਮੁਖਿ ਬੋਲੈ॥ (੧੮੩)

- ਨਿਰਮਲ ਸੋਭਾ ਅੰਮ੍ਰਿਤ ਤਾ ਕੀ ਬਾਨੀ॥ ਏਕੁ ਨਾਮੁ ਮਨ ਮਾਹਿ ਸਮਾਨੀ॥ (੨੯੬)

- ਧੀਰਜੁ ਧਰਮੁ ਗੁਰਮਤਿ ਹਰਿ ਪਾਇਆ ਨਿਤ ਹਰਿ ਨਾਮੈ ਹਰਿ ਸਿਉ ਚਿਤੁ ਲਾਵੈ॥
ਅੰਮ੍ਰਿਤ ਬਚਨ ਸਤਿਗੁਰ ਕੀ ਬਾਣੀ ਜੋ ਬੋਲੈ ਸੋ ਮੁਖਿ ਅੰਮ੍ਰਿਤੁ ਪਾਵੈ॥ (੪੯੪)

- ਵਾਹੁ ਵਾਹੁ ਬਾਣੀ ਸਚੁ ਹੈ ਸਚਿ ਮਿਲਾਵਾ ਹੋਇ॥
ਨਾਨਕ ਵਾਹੁ ਵਾਹੁ ਕਰਤਿਆ ਪ੍ਰਭੁ ਪਾਇਆ ਕਰਮਿ ਪਰਾਪਤਿ ਹੋਇ॥ (੫੧੪)

- ਆਪੇ ਕਰਤਾ ਜੁਗਿ ਜੁਗਿ ਸੋਇ॥ ਨਦਰਿ ਕਰੇ ਮੇਲਾਵਾ ਹੋਇ॥
ਗੁਰਬਾਣੀ ਤੇ ਹਰਿ ਮੰਨਿ ਵਸਾਏ॥ ਨਾਨਕ ਸਾਚਿ ਰਤੇ ਪ੍ਰਭਿ ਆਪਿ ਮਿਲਾਏ॥ (੬੬੪)

- ਤਿਨਿ ਪ੍ਰਭਿ ਸਾਚੈ ਇਕਿ ਸਚਿ ਲਾਏ॥ ਊਤਮ ਬਾਣੀ ਸਬਦੁ ਸੁਣਾਏ॥
ਪ੍ਰਭ ਸਾਚੇ ਕੀ ਸਾਚੀ ਕਾਰ॥ ਨਾਨਕ ਨਾਮਿ ਸਵਾਰਣਹਾਰ॥ (੬੬੪)

- ਵਾਹੁ ਵਾਹੁ ਪੂਰੇ ਗੁਰ ਕੀ ਬਾਣੀ॥ ਪੂਰੇ ਗੁਰ ਤੇ ਉਪਜੀ ਸਾਚਿ ਸਮਾਣੀ॥ (੭੫੪)

- ਆਪੇ ਆਪਿ ਮਿਲੈ ਤਾ ਬੂਝੈ॥ ਗਿਆਨ ਵਿਹੂਣਾ ਕਿਛੂ ਨ ਸੂਝੈ॥
ਗੁਰ ਕੀ ਦਾਤਿ ਸਦਾ ਮਨ ਅੰਤਰਿ ਬਾਣੀ ਸਬਦਿ ਵਜਾਈ ਹੇ॥ (੧੦੪੪)

- ਸਾਚੀ ਗਤਿ ਸਾਚੈ ਚਿਤੁ ਲਾਏ॥ ਗੁਰ ਕੀ ਬਾਣੀ ਸਬਦਿ ਸੁਣਾਏ॥ (੧੨੨੨)

- ਅੰਮ੍ਰਿਤ ਬਾਣੀ ਸਤਿਗੁਰ ਪੂਰੇ ਕੀ ਜਿਸੁ ਕਿਰਪਾਲੁ ਹੋਵੈ ਤਿਸੁ ਰਿਦੈ ਵਸੇਹਾ॥
ਆਵਣ ਜਾਣਾ ਤਿਸ ਕਾ ਕਟੀਐ ਸਦਾ ਸਦਾ ਸੁਖੁ ਹੋਹਾ॥ (੯੬੧)

(੮) ਗੁਰਮਤਿ ਨਾਮ ਗੁਰਬਾਣੀ ਉਪਜਾਇਕ

- ਆਪੇ ਕਰਤਾ ਕਰੇ ਕਰਾਏ॥ ਆਪੇ ਸਬਦੁ ਗੁਰ ਮੰਨਿ ਵਸਾਏ॥
ਸਬਦੇ ਉਪਜੈ ਅੰਮ੍ਰਿਤ ਬਾਣੀ ਗੁਰਮੁਖਿ ਆਖਿ ਸੁਣਾਵਣਿਆ॥ (੧੨੫)

- ਅਨਹਤ ਬਾਣੀ ਗੁਰ ਸਬਦਿ ਜਾਣੀ ਹਰਿ ਨਾਮੁ ਹਰਿ ਰਸੁ ਭੋਗੋ॥
ਕਹੈ ਨਾਨਕੁ ਪ੍ਰਭੁ ਆਪਿ ਮਿਲਿਆ ਕਰਣ ਕਾਰਣ ਜੋਗੋ॥ (੯੨੧)

(੯) ਪਾਰਬ੍ਰਹਮ, ਗੁਰੂ, ਗੁਰਬਾਣੀ ਅਤੇ ਨਾਮ ਦੀ ਅਭੇਦਤਾ

- ਨਿਰਮਲ ਸਬਦੁ ਨਿਰਮਲ ਹੈ ਬਾਣੀ॥ ਨਿਰਮਲ ਜੋਤਿ ਸਭ ਮਾਹਿ ਸਮਾਣੀ॥
ਨਿਰਮਲ ਬਾਣੀ ਹਰਿ ਸਾਲਾਹੀ ਜਪਿ ਹਰਿ ਨਿਰਮਲੁ ਮੈਲੁ ਗਵਾਵਣਿਆ॥ (੧੨੧)

- ਨਿਰਮਲ ਅੰਮ੍ਰਿਤੁ ਗੁਰ ਤੇ ਪਾਇਆ॥ ਵਿਚਹੁ ਆਪੁ ਮੁਆ ਤਿਥੈ ਮੋਹੁ ਨ ਮਾਇਆ॥
ਨਿਰਮਲ ਗਿਆਨੁ ਧਿਆਨੁ ਅਤਿ ਨਿਰਮਲੁ ਨਿਰਮਲ ਬਾਣੀ ਮੰਨਿ ਵਸਾਵਣਿਆ॥
ਜੋ ਨਿਰਮਲੁ ਸੇਵੇ ਸੁ ਨਿਰਮਲੁ ਹੋਵੈ॥ ਹਉਮੈ ਮੈਲੁ ਗੁਰ ਸਬਦੇ ਧੋਵੈ॥
ਨਿਰਮਲ ਵਾਜੈ ਅਨਹਦ ਧੁਨਿ ਬਾਣੀ ਦਰਿ ਸਚੈ ਸੋਭਾ ਪਾਵਣਿਆ॥ (੧੨੧)

- ਅੰਮ੍ਰਿਤ ਸਬਦੁ ਅੰਮ੍ਰਿਤ ਹਰਿ ਬਾਣੀ॥ ਸਤਿਗੁਰਿ ਸੇਵਿਐ ਰਿਦੈ ਸਮਾਣੀ॥
ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭ ਭੁਖ ਲਹਿ ਜਾਵਣਿਆ॥ (੧੧੯)

- ਸਚਾ ਸਬਦੁ ਸਚੀ ਹੈ ਬਾਣੀ॥ ਗੁਰਮੁਖਿ ਜੁਗਿ ਜੁਗਿ ਆਖਿ ਵਖਾਣੀ॥ (੪੨੪)

- ਸਚੀ ਬਾਣੀ ਸਚੁ ਧੁਨਿ ਸਚੁ ਸਬਦੁ ਵੀਚਾਰਾ॥ ਅਨਦਿਨੁ ਸਚੁ ਸਲਾਹਣਾ ਧਨੁ ਧਨੁ ਵਡਭਾਗ ਹਮਾਰਾ॥(੫੬੪)

- ਮੇਰਾ ਪ੍ਰਭੁ ਸਾਚਾ ਅਤਿ ਸੁਆਲਿਉ ਗੁਰੁ ਸੇਵਿਆ ਚਿਤੁ ਲਾਗਾ॥
ਸਾਚਾ ਸਬਦੁ ਸਚੀ ਸਚੁ ਬਾਣੀ ਸੋ ਜਨੁ ਅਨਦਿਨੁ ਜਾਗਾ॥ (੬੦੦)

- ਸਚੁ ਬਾਣੀ ਸਚੁ ਸਬਦੁ ਹੈ ਭਾਈ ਗੁਰ ਕਿਰਪਾ ਤੇ ਹੋਇ॥
ਨਾਨਕ ਨਾਮੁ ਹਰਿ ਮਨਿ ਵਸੈ ਭਾਈ ਤਿਸੁ ਬਿਘਨੁ ਨ ਲਾਗੈ ਕੋਇ॥ (੬੩੮)

- ਬਿਨੁ ਸਤਿਗੁਰ ਸੇਵੇ ਜਨਮੁ ਨ ਛੋਡੈ ਜੇ ਅਨੇਕ ਕਰਮ ਕਰੈ ਅਧਿਕਾਈ॥
ਵੇਦ ਪੜਹਿ ਤੈ ਵਾਦ ਵਖਾਣਹਿ ਬਿਨੁ ਹਰਿ ਪਤਿ ਗਵਾਈ॥
ਸਚਾ ਸਤਿਗੁਰੁ ਸਾਚੀ ਜਿਸੁ ਬਾਣੀ ਭਜਿ ਛੂਟਹਿ ਗੁਰ ਸਰਣਾਈ॥ (੬੩੮)

- ਸਚੁ ਮੰਤ੍ਰੁ ਤੁਮਾਰਾ ਅੰਮ੍ਰਿਤ ਬਾਣੀ॥ ਸੀਤਲ ਪੁਰਖ ਦ੍ਰਿਸਟਿ ਸੁਜਾਣੀ॥ (੫੬੨)

- ਇਕਾ ਬਾਣੀ ਇਕੁ ਗੁਰੁ ਇਕੋ ਸਬਦੁ ਵੀਚਾਰਿ॥ ਸਚਾ ਸਉਦਾ ਹਟੁ ਸਚੁ ਰਤਨੀ ਭਰੇ ਭੰਡਾਰ॥ (੬੪੬)

- ਸਤਿਗੁਰ ਭੇਟੈ ਸੋ ਜਨੁ ਸੀਝੈ ਜਿਸੁ ਹਿਰਦੈ ਨਾਮੁ ਵਸਾਈ॥
ਸਚਾ ਆਪਿ ਸਦਾ ਹੈ ਸਾਚਾ ਬਾਣੀ ਸਬਦਿ ਸੁਣਾਈ॥ (੯੧੨)

- ਅੰਮ੍ਰਿਤ ਬਾਣੀ ਅਮਿਉ ਰਸੁ ਅੰਮ੍ਰਿਤੁ ਹਰਿ ਕਾ ਨਾਉ॥
ਮਨਿ ਤਨਿ ਹਿਰਦੈ ਸਿਮਰਿ ਹਰਿ ਆਠ ਪਹਰ ਗੁਣ ਗਾਉ॥ (੯੬੩)

- ਸਚਾ ਭੋਜਨੁ ਭਾਉ ਸਚੁ ਸਚੁ ਨਾਮੁ ਅਧਾਰਾ॥ ਸਚੀ ਬਾਣੀ ਸੰਤੋਖਿਆ ਸਚਾ ਸਬਦੁ ਵੀਚਾਰਾ॥ (੧੦੦੯)

- ਹਰਿ ਜੀਉ ਸਚਾ ਸਚੁ ਹੈ ਸਚੀ ਗੁਰਬਾਣੀ॥ ਸਤਿਗੁਰ ਤੇ ਸਚੁ ਪਛਾਣੀਐ ਸਚਿ ਸਹਜਿ ਸਮਾਣੀ॥ (੫੧੫)

- ਸਚਾ ਸਬਦੁ ਸਚੀ ਹੈ ਬਾਣੀ॥ ਗੁਰਮੁਖਿ ਵਿਰਲੈ ਕਿਨੈ ਪਛਾਣੀ॥
ਸਚੇ ਸਬਦਿ ਰਤੇ ਬੈਰਾਗੀ ਆਵਣੁ ਜਾਣੁ ਰਹਾਈ ਹੇ॥ (੧੦੪੪)

- ਹਰਿ ਕੈ ਭਾਣੈ ਹਰਿ ਗੁਣ ਗਾਏ॥ ਸਭਿ ਕਿਲਬਿਖ ਕਾਟੇ ਦੂਖ ਸਬਾਏ॥
ਹਰਿ ਨਿਰਮਲੁ ਨਿਰਮਲ ਹੈ ਬਾਣੀ ਹਰਿ ਸੇਤੀ ਮਨੁ ਰਾਤਾ ਹੇ॥ (੧੦੫੨)

- ਆਪੇ ਆਪਿ ਆਪਿ ਸਾਲਾਹੇ॥ ਤੇਰੇ ਗੁਣ ਪ੍ਰਭ ਤੁਝ ਹੀ ਮਾਹੇ॥
ਤੂ ਆਪਿ ਸਚਾ ਤੇਰੀ ਬਾਣੀ ਸਚੀ ਆਪੇ ਅਲਖੁ ਅਥਾਹਾ ਹੇ॥ (੧੦੫੭)

- ਆਪੇ ਮੇਲਿ ਲਏ ਅਕਥੁ ਕਥੀਐ ਸਚੁ ਸਬਦੁ ਸਚੁ ਬਾਣੀ॥
ਨਾਨਕ ਸਾਚੇ ਸਚਿ ਸਮਾਣੇ ਹਰਿ ਕਾ ਨਾਮੁ ਵਖਾਣੀ॥ (੧੨੩੩)

- ਵਾਹੁ ਵਾਹੁ ਬਾਣੀ ਨਿਰੰਕਾਰ ਹੈ ਤਿਸੁ ਜੇਵਡੁ ਅਵਰੁ ਨ ਕੋਇ॥
ਵਾਹੁ ਵਾਹੁ ਅਗਮ ਅਥਾਹੁ ਹੈ ਵਾਹੁ ਵਾਹੁ ਸਚਾ ਸੋਇ॥ (੫੧੫)

- ਸਤਿਗੁਰ ਬਾਣੀ ਪੁਰਖੁ ਪੁਰਖੋਤਮ ਬਾਣੀ ਸਿਉ ਚਿਤੁ ਲਾਵੈਗੋ॥
ਗੁਰਬਾਣੀ ਸੁਨਤ ਮੇਰਾ ਮਨੁ ਦ੍ਰਵਿਆ ਮਨੁ ਭੀਨਾ ਨਿਜ ਘਰਿ ਆਵੈਗੋ॥ (੧੩੦੮)

(੧੦) ਇਕੋ ਇਕ ਨਿਰਾਲੀ ਗੁਰਬਾਣੀ ਦੀ ਸੂਝ ਬੂਝ ਅਤੇ ਪੂਰਨ ਲਾਹਿਆਂ ਹਿੱਤ ਇਕੋ ਇਕ ਪੂਰੇ ਗੁਰੂ ਨੂੰ ਪੂਰੀ ਜੁਗਤਿ ਸਹਿਤ ਭੇਟਣਾ ਅਵਸ਼ ਜ਼ਰੂਰੀ

- ਸਫਲ ਸੁ ਬਾਣੀ ਜਿਤੁ ਨਾਮੁ ਵਖਾਣੀ॥ ਗੁਰ ਪਰਸਾਦਿ ਕਿਨੈ ਵਿਰਲੈ ਜਾਣੀ॥ (੧੦੩)

- ਅੰਮ੍ਰਿਤ ਬਾਣੀ ਗੁਰ ਕੀ ਮੀਠੀ॥ ਗੁਰਮੁਖਿ ਵਿਰਲੈ ਕਿਨੈ ਚਖਿ ਡੀਠੀ॥
ਅੰਤਰਿ ਪਰਗਾਸੁ ਮਹਾ ਰਸੁ ਪੀਵੈ ਦਰਿ ਸਚੈ ਸਬਦੁ ਵਜਾਵਣਿਆ॥ (੧੧੩)

- ਸਤਿਗੁਰਿ ਮੇਲੀ ਤਾ ਪਿਰਿ ਰਾਵੀ ਬਿਗਸੀ ਅੰਮ੍ਰਿਤ ਬਾਣੀ॥
ਨਾਨਕ ਸਾ ਧਨ ਤਾ ਪਿਰੁ ਰਾਵੇ ਜਾ ਤਿਸ ਕੈ ਮਨਿ ਭਾਣੀ॥ (੨੪੩)

- ਵਿਣੁ ਗੁਰ ਪੂਰੇ ਕੋਇ ਨ ਜਾਣੀ॥ ਮਾਇਆ ਮੋਹਿ ਦੂਜੈ ਲੋਭਾਣੀ॥ ਗੁਰਮੁਖਿ ਨਾਮੁ ਮਿਲੈ ਹਰਿ ਬਾਣੀ॥ (੪੨੩)

- ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥
ਸਤਿਗੁਰੁ ਸੇਵੇ ਸਦਾ ਸੁਖੁ ਪਾਏ ਹਉਮੈ ਸਬਦਿ ਸਮਾਣੀ॥ (੬੦੨)

- ਪ੍ਰਭ ਕੀ ਅਕਥ ਕਹਾਣੀ॥ ਜਨ ਬੋਲਹਿ ਅੰਮ੍ਰਿਤ ਬਾਣੀ॥ ਨਾਨਕ ਦਾਸ ਵਖਾਣੀ॥ ਗੁਰ ਪੂਰੇ ਤੇ ਜਾਣੀ॥ (੬੨੬)

- ਸੇਵਕ ਸਿਖ ਪੂਜਣ ਸਭਿ ਆਵਹਿ ਸਭਿ ਗਾਵਹਿ ਹਰਿ ਹਰਿ ਊਤਮ ਬਾਨੀ॥
ਗਾਵਿਆ ਸੁਣਿਆ ਤਿਨ ਕਾ ਹਰਿ ਥਾਇ ਪਾਵੈ ਜਿਨ ਸਤਿਗੁਰ ਕੀ ਆਗਿਆ ਸਤਿ ਸਤਿ ਕਰਿ ਮਾਨੀ॥ (੬੬੯)

- ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ॥ ਇਹ ਬਾਣੀ ਮਹਾ ਪੁਰਖ ਕੀ ਨਿਜ ਘਰਿ ਵਾਸਾ ਹੋਇ॥ (੯੩੫)

- ਅਨਹਦ ਬਾਣੀ ਗੁਰਮੁਖਿ ਜਾਣੀ ਬਿਰਲੋ ਕੋ ਅਰਥਾਵੈ॥
ਨਾਨਕੁ ਆਖੈ ਸਚੁ ਸੁਭਾਖੈ ਸਚਿ ਰਪੈ ਰੰਗੁ ਕਬਹੂ ਨ ਜਾਵੈ॥ (੯੪੫)

- ਸਚਾ ਸਬਦੁ ਸਚੀ ਹੈ ਬਾਣੀ॥ ਗੁਰਮੁਖਿ ਵਿਰਲੈ ਕਿਨੈ ਪਛਾਣੀ॥ (੧੦੪੪)

- ਵਾਹੁ ਵਾਹੁ ਬਾਣੀ ਸਤਿ ਹੈ ਗੁਰਮੁਖਿ ਬੂਝੈ ਕੋਇ॥
ਵਾਹੁ ਵਾਹੁ ਕਰਿ ਪ੍ਰਭੁ ਸਾਲਾਹੀਐ ਤਿਸੁ ਜੇਵਡੁ ਅਵਰੁ ਨ ਕੋਇ॥ (੧੨੭੬)

- ਗੁਰ ਕੀ ਬਾਣੀ ਗੁਰ ਤੇ ਜਾਤੀ ਜਿ ਸਬਦਿ ਰਤੇ ਰੰਗੁ ਲਾਇ॥
ਪਵਿਤੁ ਪਾਵਨ ਸੇ ਜਨ ਨਿਰਮਲ ਹਰਿ ਕੈ ਨਾਮਿ ਸਮਾਇ॥ (੧੩੪੬)

- ਅੰਮ੍ਰਿਤ ਬਾਣੀ ਤਤੁ ਹੈ ਗੁਰਮੁਖਿ ਵਸੈ ਮਨਿ ਆਇ॥ ਹਿਰਦੈ ਕਮਲੁ ਪਰਗਾਸਿਆ ਜੋਤੀ ਜੋਤਿ ਮਿਲਾਇ॥(੧੪੨੪)

- ਜਉ ਗੁਰਦੇਉ ਤ ਅੰਮ੍ਰਿਤ ਬਾਨੀ॥ ਜਉ ਗੁਰਦੇਉ ਤ ਅਕਥ ਕਹਾਨੀ॥ (੧੧੬੬)

- ਵਾਹੁ ਵਾਹੁ ਬਾਣੀ ਸਚੁ ਹੈ ਗੁਰਮੁਖਿ ਲਧੀ ਭਾਲਿ॥ ਵਾਹੁ ਵਾਹੁ ਸਬਦੇ ਉਚਰੈ ਵਾਹੁ ਵਾਹੁ ਹਿਰਦੈ ਨਾਲਿ॥ (੫੧੪)

(੧੧) ਗੁਰਬਾਣੀ ਦੀ ਅਸਲ ਕਥਾ

- ਮਿਲਿ ਸਤਸੰਗਿ ਬੋਲੀ ਹਰਿ ਬਾਣੀ॥ ਹਰਿ ਹਰਿ ਕਥਾ ਮੇਰੈ ਮਨਿ ਭਾਣੀ॥
ਹਰਿ ਹਰਿ ਅੰਮ੍ਰਿਤੁ ਹਰਿ ਮਨਿ ਭਾਵੈ ਮਿਲਿ ਸਤਿਗੁਰ ਅੰਮ੍ਰਿਤੁ ਪੀਜੈ ਜੀਉ॥ (੯੫)

- ਆਵਹੁ ਸੰਤ ਮੈ ਗਲਿ ਮੇਲਾਈਐ॥ ਮੇਰੇ ਪ੍ਰੀਤਮ ਕੀ ਮੈ ਕਥਾ ਸੁਣਾਈਐ॥
ਹਰਿ ਕੇ ਸੰਤ ਮਿਲਹੁ ਮਨੁ ਦੇਵਾ ਜੋ ਗੁਰਬਾਣੀ ਮੁਖਿ ਚਉਦਾ ਜੀਉ॥ (੯੫)

- ਅੰਤਰਿ ਬਾਹਰਿ ਤੇਰੀ ਬਾਣੀ॥ ਤੁਧੁ ਆਪਿ ਕਥੀ ਤੈ ਆਪਿ ਵਖਾਣੀ॥
ਗੁਰਿ ਕਹਿਆ ਸਭੁ ਏਕੋ ਏਕੋ ਅਵਰੁ ਨ ਕੋਈ ਹੋਇਗਾ ਜੀਉ॥ (੯੯)

- ਗੁਰਮੁਖਿ ਅੰਮ੍ਰਿਤ ਬਾਣੀ ਬੋਲਹਿ ਸਭ ਆਤਮ ਰਾਮੁ ਪਛਾਣੀ॥
ਏਕੋ ਸੇਵਨਿ ਏਕੁ ਅਰਾਧਹਿ ਗੁਰਮੁਖਿ ਅਕਥ ਕਹਾਣੀ॥ (੬੯)

- ਹੁਕਮੁ ਮੰਨਿਹੁ ਗੁਰੂ ਕੇਰਾ ਗਾਵਹੁ ਸਚੀ ਬਾਣੀ॥ ਕਹੈ ਨਾਨਕੁ ਸੁਣਹੁ ਸੰਤਹੁ ਕਥਿਹੁ ਅਕਥ ਕਹਾਣੀ॥ (੯੧੮)

- ਅਕਥ ਕਥਾ ਅੰਮ੍ਰਿਤ ਪ੍ਰਭ ਬਾਨੀ॥ ਕਹੁ ਨਾਨਕ ਜਪਿ ਜੀਵੇ ਗਿਆਨੀ॥ (੮੦੬)

- ਹਰਿ ਗੁਣ ਗਾਇ ਪਰਮ ਪਦੁ ਪਾਇਆ ਪ੍ਰਭ ਕੀ ਊਤਮ ਬਾਣੀ॥
ਸਹਜ ਕਥਾ ਪ੍ਰਭ ਕੀ ਅਤਿ ਮੀਠੀ ਕਥੀ ਅਕਥ ਕਹਾਣੀ॥ (੭੮੧)

- ਹਰਿ ਹਰਿ ਕਥਾ ਸੁਨਹੁ ਇਕ ਨਿਮਖ ਪਲ ਸਭਿ ਕਿਲਵਿਖ ਪਾਪ ਲਹਿ ਜਾਨੀ॥ (੬੬੭)

(੨) ਗੁਰਬਾਣੀ ਦਾ ਪਾਠ ਅਤੇ ਕੀਰਤਨ ਕਰਨ ਸੁਣਨ ਦੇ ਉੱਤਮ ਫ਼ਲ

- ਗੁਰੁ ਪੂਰਾ ਪੂਰੀ ਜਾ ਕੀ ਬਾਣੀ ਅਨਿਕ ਗੁਣਾ ਜਾ ਕੇ ਜਾਹਿ ਨ ਗਣੇ॥ (੮੦੫)

(੧) ਕਾਮ, ਕ੍ਰੋਧ, ਲੋਭ, ਮੋਹ, ਹੰਕਾਰ, ਤ੍ਰਿਸਨਾ, ਤ੍ਰਿਖਾ, ਤਪਤ, ਭ੍ਰਮ, ਭ੍ਰਾਂਤ, ਆਸਾ ਮਨਸਾ, ਸਹਸਾ, ਡਰ, ਭਉ, ਅਗਿਆਨ ਅੰਧੇਰਾ, ਸਮੂਹ ਪਾਪਾਂ, ਕਸੰਮਲਾ, ਅਪਰਾਧਾਂ, ਅਉਗਣਾਂ, ਦੁਰਮਤਾਂ, ਵਿਕਾਰਾਂ, ਕਾੜਿਆਂ, ਅੰਦੇਸਿਆਂ, ਦੁੱਖਾਂ, ਰੋਗਾਂ, ਸੋਗਾਂ, ਬਿਘਨਾਂ, ਤਾਪਾਂ, ਕਸੰਮਲਾਂ ਅਤੇ ਜਨਮਾਂ ਜਨਮਾਤਰਾਂ ਦੀਆਂ ਅਨਿਕ ਪਰਕਾਰੀ ਕਰਮਾਂ ਧਰਮਾਂ ਦੀਆਂ ਮੈਲਾਂ ਦਾ ਨਾਸ

- ਦੁਬਿਧਾ ਮੈਲੁ ਚੁਕਾਈਅਨੁ ਹਰਿ ਰਾਖਿਆ ਉਰ ਧਾਰਿ॥ ਸਚੀ ਬਾਣੀ ਸਚੁ ਮਨਿ ਸਚੇ ਨਾਲਿ ਪਿਆਰੁ (੩੫)

- ਭ੍ਰਮੁ ਚੁਕਾਇਆ ਸਦਾ ਸੁਖੁ ਪਾਇਆ॥ ਗੁਰ ਪਰਸਾਦਿ ਪਰਮ ਪਦੁ ਪਾਇਆ॥
ਅੰਤਰੁ ਨਿਰਮਲੁ ਨਿਰਮਲ ਬਾਣੀ ਹਰਿ ਗੁਣ ਸਹਜੇ ਗਾਵਣਿਆ॥ (੧੧੪)

- ਪੰਚ ਬਿਖਾਦੀ ਏਕੁ ਗਰੀਬਾ ਰਾਖਹੁ ਰਾਖਨਹਾਰੇ॥ ਖੇਦੁ ਕਰਹਿ ਅਰੁ ਬਹੁਤੁ ਸੰਤਾਵਹਿ ਆਇਓ ਸਰਨਿ ਤੁਹਾਰੇ॥
ਕਰਿ ਕਰਿ ਹਾਰਿਓ ਅਨਿਕ ਬਹੁ ਭਾਤੀ ਛੋਡਹਿ ਕਤਹੂੰ ਨਾਹੀ॥
ਏਕ ਬਾਤ ਸੁਨਿ ਤਾਕੀ ਓਟਾ ਸਾਧਸੰਗਿ ਮਿਟਿ ਜਾਹੀ॥ (੨੦੫)

- ਜੀਤਿ ਲਏ ਓਇ ਮਹਾ ਬਿਖਾਦੀ ਸਹਜ ਸੁਹੇਲੀ ਬਾਣੀ॥
ਕਹੁ ਨਾਨਕ ਮਨਿ ਭਇਆ ਪਰਗਾਸਾ ਪਾਇਆ ਪਦੁ ਨਿਰਬਾਣੀ॥ (੨੦੬)

- ਜਿਨ੍ ਕੈ ਪੋਤੈ ਪੁੰਨੁ ਤਿਨ੍ਾ ਗੁਰੂ ਮਿਲਾਏ॥ ਸਚੁ ਬਾਣੀ ਗੁਰੁ ਸਬਦੁ ਸੁਣਾਏ॥
ਜਹਾਂ ਸਬਦੁ ਵਸੈ ਤਹਾਂ ਦੁਖੁ ਜਾਏ॥ ਗਿਆਨਿ ਰਤਨਿ ਸਾਚੈ ਸਹਜਿ ਸਮਾਏ॥ (੩੬੪)

- ਗੁਰ ਕੀ ਬਾਣੀ ਸਿਉ ਰੰਗੁ ਲਾਇ॥ ਗੁਰੁ ਕਿਰਪਾਲੁ ਹੋਇ ਦੁਖੁ ਜਾਇ॥ (੩੮੭)

- ਬਾਣੀ ਰਾਮ ਨਾਮ ਸੁਣੀ ਸਿਧਿ ਕਾਰਜ ਸਭਿ ਸੁਹਾਏ ਰਾਮ॥ ਰੋਮੇ ਰੋਮਿ ਰੋਮਿ ਰੋਮੇ ਮੈ ਗੁਰਮੁਖਿ ਰਾਮੁ ਧਿਆਏ ਰਾਮ॥
ਰਾਮ ਨਾਮੁ ਧਿਆਏ ਪਵਿਤੁ ਹੋਇ ਆਏ ਤਿਸੁ ਰੂਪੁ ਨ ਰੇਖਿਆ ਕਾਈ॥
ਰਾਮੋ ਰਾਮੁ ਰਵਿਆ ਘਟ ਅੰਤਰਿ ਸਭ ਤ੍ਰਿਸਨਾ ਭੁਖ ਗਵਾਈ॥ (੪੪੩)

- ਸਚੁ ਬਾਣੀ ਸਚੁ ਸਬਦੁ ਹੈ ਭਾਈ ਗੁਰ ਕਿਰਪਾ ਤੇ ਹੋਇ॥
ਨਾਨਕ ਨਾਮੁ ਹਰਿ ਮਨਿ ਵਸੈ ਭਾਈ ਤਿਸੁ ਬਿਘਨੁ ਨ ਲਾਗੈ ਕੋਇ॥ (੬੩੮)

- ਅਵਗੁਣ ਕਾਟਿ ਗੁਣ ਰਿਦੈ ਸਮਾਇ॥ ਪੂਰੇ ਗੁਰ ਕੈ ਸਹਜਿ ਸੁਭਾਇ॥
ਪੂਰੇ ਗੁਰ ਕੀ ਸਾਚੀ ਬਾਣੀ॥ ਸੁਖ ਮਨ ਅੰਤਰਿ ਸਹਜਿ ਸਮਾਣੀ॥ (੬੬੩)

- ਗੁਰਬਾਣੀ ਸੁਣਿ ਮੈਲੁ ਗਵਾਏ॥ ਸਹਜੇ ਹਰਿ ਨਾਮੁ ਮੰਨਿ ਵਸਾਏ॥
ਕੂੜੁ ਕੁਸਤੁ ਤ੍ਰਿਸਨਾ ਅਗਨਿ ਬੁਝਾਏ॥ ਅੰਤਰਿ ਸਾਂਤਿ ਸਹਜਿ ਸੁਖੁ ਪਾਏ॥ (੬੬੫)

- ਅੰਮ੍ਰਿਤ ਬਚਨ ਸਾਧ ਕੀ ਬਾਣੀ॥ ਜੋ ਜੋ ਜਪੈ ਤਿਸ ਕੀ ਗਤਿ ਹੋਵੈ ਹਰਿ ਹਰਿ ਨਾਮੁ ਨਿਤ ਰਸਨ ਬਖਾਨੀ॥
ਕਲੀ ਕਾਲ ਕੇ ਮਿਟੇ ਕਲੇਸਾ॥ ਏਕੋ ਨਾਮੁ ਮਨ ਮਹਿ ਪਰਵੇਸਾ॥ (੭੪੪)

- ਗੁਰ ਕੀ ਸਾਖੀ ਸਹਜੇ ਚਾਖੀ ਤ੍ਰਿਸਨਾ ਅਗਨਿ ਬੁਝਾਏ॥
ਗੁਰ ਕੈ ਸਬਦਿ ਰਾਤਾ ਸਹਜੇ ਮਾਤਾ ਸਹਜੇ ਰਹਿਆ ਸਮਾਏ॥ (੭੫੩)

- ਸਚੀ ਬਾਣੀ ਗੁਰਮੁਖਿ ਆਖੈ ਹਉਮੈ ਵਿਚਹੁ ਜਾਏ॥ (੭੫੩)

- ਗੁਰਬਾਣੀ ਸਦ ਮੀਠੀ ਲਾਗੀ ਪਾਪ ਵਿਕਾਰ ਗਵਾਇਆ॥

ਹਉਮੈ ਰੋਗੁ ਗਇਆ ਭਉ ਭਾਗਾ ਸਹਜੇ ਸਹਜਿ ਮਿਲਾਇਆ॥ (੭੭੩)

- ਗੁਰੁ ਸੁੰਦਰੁ ਮੋਹਨੁ ਪਾਇ ਕਰੇ ਹਰਿ ਪ੍ਰੇਮ ਬਾਣੀ ਮਨੁ ਮਾਰਿਆ॥
ਮੇਰੈ ਹਿਰਦੈ ਸੁਧਿ ਬੁਧਿ ਵਿਸਰਿ ਗਈ ਮਨ ਆਸਾ ਚਿੰਤ ਵਿਸਾਰਿਆ॥ (੭੭੬)

- ਸੁਣਿ ਸੁਣਿ ਜੀਵੈ ਦਾਸੁ ਤੁਮ੍ ਬਾਣੀ ਜਨ ਆਖੀ॥ ਪ੍ਰਗਟ ਭਈ ਸਭ ਲੋਅ ਮਹਿ ਸੇਵਕ ਕੀ ਰਾਖੀ॥
ਅਗਨਿ ਸਾਗਰ ਤੇ ਕਾਢਿਆ ਪ੍ਰਭਿ ਜਲਨਿ ਬੁਝਾਈ॥ ਅੰਮ੍ਰਿਤ ਨਾਮੁ ਜਲੁ ਸੰਚਿਆ ਗੁਰ ਭਏ ਸਹਾਈ॥ (੮੧੪)

- ਦੁਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ (੯੨੨)

- ਤੁਪਤਿ ਬੁਝਾਨੀ ਅੰਮ੍ਰਿਤ ਬਾਨੀ ਤ੍ਰਿਪਤੇ ਜਿਉ ਬਾਰਿਕ ਖੀਰ॥
ਮਾਤ ਪਿਤਾ ਸਾਜਨ ਸੰਤ ਮੇਰੇ ਸੰਤ ਸਹਾਈ ਬੀਰ॥ (੯੭੮)

- ਹਰਿ ਕੈ ਭਾਣੈ ਹਰਿ ਗੁਣ ਗਾਏ॥ ਸਭਿ ਕਿਲਬਿਖ ਕਾਟੇ ਦੂਖ ਸਬਾਏ॥
ਹਰਿ ਨਿਰਮਲੁ ਨਿਰਮਲ ਹੈ ਬਾਣੀ ਹਰਿ ਸੇਤੀ ਮਨੁ ਰਾਤਾ ਹੇ॥ (੧੦੫੨)

- ਮਨੁ ਤਨੁ ਸੀਤਲੁ ਗੁਰ ਚਰਣੀ ਲਾਗਾ॥ ਅੰਤਰਿ ਭਰਮੁ ਗਇਆ ਭਉ ਭਾਗਾ॥
ਸਦਾ ਅਨੰਦੁ ਸਚੇ ਗੁਣ ਗਾਵਹਿ ਸਚੁ ਬਾਣੀ ਬੋਲਾਇਦਾ॥ (੧੦੬੧)

- ਊਤਮ ਬਾਣੀ ਗਾਉ ਗੋਪਾਲਾ॥ ਸਾਧਸੰਗਤਿ ਕੀ ਮੰਗਹੁ ਰਵਾਲਾ॥
ਬਾਸਨ ਮੇਟਿ ਨਿਬਾਸਨ ਹੋਈਐ ਕਲਮਲ ਸਗਲੇ ਜਾਲਕਾ॥ (੧੦੮੫)

- ਮਾਇਆ ਮੋਹੁ ਸਬਦਿ ਜਲਾਏ॥ ਮਨੁ ਤਨੁ ਹਰਿਆ ਸਤਿਗੁਰ ਭਾਏ॥
ਸਫਲਿਓ ਬਿਰਖੁ ਹਰਿ ਕੈ ਦੁਆਰਿ॥ ਸਾਚੀ ਬਾਣੀ ਨਾਮ ਪਿਆਰਿ॥ (੧੧੭੩)

- ਗੁਰਬਾਣੀ ਸਦ ਉਚਰੈ ਹਰਿ ਮੰਨਿ ਵਸਾਇਆ॥ ਸਕਤਿ ਗਈ ਭ੍ਰਮੁ ਕਟਿਆ ਸਿਵ ਜੋਤਿ ਜਗਾਇਆ॥ (੧੨੩੮)

- ਗੁਰ ਕੀ ਬਾਣੀ ਜਿਸੁ ਮਨਿ ਵਸੈ॥ ਦੁਖੁ ਦਰਦੁ ਸਭੁ ਤਾ ਕਾ ਨਸੈ॥ (੧੩੪੦)

(੨) ਸਮੂਹ ਦੁਖਾਂ ਦੀ ਜੜ੍ਹ ਹਉਮੈ ਦਾ ਨਾਸ

- ਬਾਣੀ ਵਜੀ ਚਹੁ ਜੁਗੀ ਸਚੋ ਸਚੁ ਸੁਣਾਇ॥ ਹਉਮੈ ਮੇਰਾ ਰਹਿ ਗਇਆ ਸਚੈ ਲਇਆ ਮਿਲਾਇ॥ (੩੫)

- ਨਾਮਾ ਛੀਬਾ ਕਬੀਰੁ ਜੁਲਾਹਾ ਪੂਰੇ ਗੁਰ ਤੇ ਗਤਿ ਪਾਈ॥ ਬ੍ਰਹਮ ਕੇ ਬੇਤੇ ਸਬਦੁ ਪਛਾਣਹਿ ਹਉਮੈ ਜਾਤਿ ਗਵਾਈ॥
ਸੁਰਿ ਨਰ ਤਿਨ ਕੀ ਬਾਣੀ ਗਾਵਹਿ ਕੋਇ ਨ ਮੇਟੈ ਭਾਈ॥ (੬੭)

- ਅੰਮ੍ਰਿਤ ਨਾਮੁ ਮੰਨਿ ਵਸਾਏ॥ ਹਉਮੈ ਮੇਰਾ ਸਭੁ ਦੁਖੁ ਗਵਾਏ॥

ਅੰਮ੍ਰਿਤ ਬਾਣੀ ਸਦਾ ਸਲਾਹੇ ਅੰਮ੍ਰਿਤਿ ਅੰਮ੍ਰਿਤੁ ਪਾਵਣਿਆ॥ (੧੧੮)

- ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥
ਸਤਿਗੁਰੁ ਸੇਵੇ ਸਦਾ ਸੁਖੁ ਪਾਏ ਹਉਮੈ ਸਬਦਿ ਸਮਾਣੀ॥ (੬੦੨)

- ਸਚੀ ਬਾਣੀ ਗੁਰਮੁਖਿ ਆਖੈ ਹਉਮੈ ਵਿਚਹੁ ਜਾਏ॥ ਆਪੇ ਦਾਤਾ ਕਰਮੁ ਹੈ ਸਾਚਾ ਸਾਚਾ ਸਬਦੁ ਸੁਣਾਏ॥ (੭੫੩)

- ਹਉਮੈ ਸਬਦਿ ਜਲਾਇਆ ਮੇਰੇ ਹਰਿ ਭਾਇਆ ਜਿਸ ਦੀ ਸਾਚੀ ਬਾਣੀ॥
ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ॥ (੭੬੮)

- ਸਬਦਿ ਸਚੈ ਸਚੁ ਸੋਹਿਲਾ ਜਿਥੈ ਸਚੇ ਕਾ ਹੋਇ ਵੀਚਾਰੋ ਰਾਮ॥
ਹਉਮੈ ਸਭਿ ਕਿਲਵਿਖ ਕਾਟੇ ਸਾਚੁ ਰਖਿਆ ਉਰਿ ਧਾਰੇ ਰਾਮ॥ (੭੬੯)

- ਗੁਰਬਾਣੀ ਸਦ ਮੀਠੀ ਲਾਗੀ ਪਾਪ ਵਿਕਾਰ ਗਵਾਇਆ॥
ਹਉਮੈ ਰੋਗੁ ਗਇਆ ਭਉ ਭਾਗਾ ਸਹਜੇ ਸਹਜਿ ਮਿਲਾਇਆ॥ (੭੭੩)

(੩) ਜਮ ਕਾਲ, ਆਵਣ ਜਾਣ ਅਥਵਾ ਆਵਾਗਉਣ ਤੋਂ ਛੁਟਕਾਰਾ

- ਰਾਮ ਨਾਮੁ ਪਿਆਰੇ ਸਭਿ ਕੁਲ ਉਧਾਰੇ ਰਾਮ ਨਾਮੁ ਮੁਖਿ ਬਾਣੀ॥
ਆਵਣ ਜਾਣ ਰਹੇ ਸੁਖੁ ਪਾਇਆ ਘਰਿ ਅਨਹਦ ਸੁਰਤਿ ਸਮਾਣੀ॥ (੭੭੨)

- ਸੁਣਿ ਸੁਣਿ ਜੀਵੈ ਦਾਸੁ ਤੁਮ੍ ਬਾਣੀ ਜਨ ਆਖੀ॥ ਪ੍ਰਗਟ ਭਈ ਸਭ ਲੋਅ ਮਹਿ ਸੇਵਕ ਕੀ ਰਾਖੀ॥
ਜਨਮ ਮਰਣ ਦੁਖ ਕਾਟਿਆ ਸੁਖ ਕਾ ਥਾਨੁ ਪਾਇਆ॥ ਕਾਟੀ ਸਿਲਕ ਭ੍ਰਮ ਮੋਹ ਕੀ ਅਪਨੇ ਪ੍ਰਭ ਭਾਇਆ॥ (੮੧੪)

- ਅੰਮ੍ਰਿਤ ਬਾਣੀ ਸਤਿਗੁਰ ਪੂਰੇ ਕੀ ਜਿਸੁ ਕਿਰਪਾਲੁ ਹੋਵੈ ਤਿਸੁ ਰਿਦੈ ਵਸੇਹਾ॥
ਆਵਣ ਜਾਣਾ ਤਿਸ ਕਾ ਕਟੀਐ ਸਦਾ ਸਦਾ ਸੁਖੁ ਹੋਹਾ॥ (੯੬੧)

(੪) ਭਵਸਾਗਰ ਬਿਖ ਭਵਜਲੋਂ ਪਾਰਉਤਾਰਾ

- ਬੰਧਨ ਕਾਟਿ ਸੇਵਕ ਕਰਿ ਰਾਖੇ॥ ਅੰਮ੍ਰਿਤ ਬਾਨੀ ਰਸਨਾ ਚਾਖੇ॥ (੩੯੫)

- ਕਰਿ ਕਿਰਪਾ ਅਪੁਨਾ ਦਾਸੁ ਕੀਨੋ ਬੰਧਨ ਤੋਰਿ ਨਿਰਾਰੇ॥
ਜਪਿ ਜਪਿ ਨਾਮੁ ਜੀਵਾ ਤੇਰੀ ਬਾਣੀ ਨਾਨਕ ਦਾਸ ਬਲਿਹਾਰੇ॥ (੫੩੧)

- ਸੁਣਿ ਸ੍ਰਵਣ ਬਾਣੀ ਗੁਰਿ ਵਖਾਣੀ ਹਰਿ ਰੰਗੁ ਤੁਰੀ ਚੜਾਇਆ॥
ਮਹਾ ਮਾਰਗੁ ਪੰਥੁ ਬਿਖੜਾ ਜਨ ਨਾਨਕ ਪਾਰਿ ਲੰਘਾਇਆ॥ (੫੭੫)

- ਸਚੁ ਰਖਿਆ ਉਰ ਧਾਰੇ ਦੁਤਰੁ ਤਾਰੇ ਫਿਰਿ ਭਵਜਲੁ ਤਰਣੁ ਨ ਹੋਈ॥
ਸਚਾ ਸਤਿਗੁਰੁ ਸਚੀ ਬਾਣੀ ਜਿਨਿ ਸਚੁ ਵਿਖਾਲਿਆ ਸੋਈ॥ (੭੬੯)

- ਨਿਰਮਲ ਗੁਣ ਗਾਏ ਨਾਮੁ ਮੰਨਿ ਵਸਾਏ ਹਰਿ ਕੀ ਅੰਮ੍ਰਿਤ ਬਾਣੀ॥
ਜਿਨ੍ ਮਨਿ ਵਸਿਆ ਸੇਈ ਜਨ ਨਿਸਤਰੇ ਘਟਿ ਘਟਿ ਸਬਦਿ ਸਮਾਣੀ॥ (੭੭੦)

(੫) ਸਚਾ ਸੁੱਖ, ਸਚਾ ਸੰਜਮ, ਸਚਾ ਜਪੁ, ਸਚਾ ਤਪੁ, ਸਚਾ ਗਿਆਨ, ਸਚਾ ਧਿਆਨ, ਸਚਾ ਸੰਤੋਖ, ਸਚੀ ਮਤਿ, ਸਚੀ ਸ਼ਾਂਤੀ, ਸਚੀ ਭਗਤਿ, ਸਚੀ ਪ੍ਰੀਤ, ਸਚੀ ਸੀਤਲਤਾ, ਸੱਚੀ ਪਵਿਤਰਤਾ ਅਤੇ ਮਹਾਂ ਅਨੰਦ ਦੀ ਪ੍ਰਾਪਤੀ

- ਇਤੁ ਤਨਿ ਲਾਗੈ ਬਾਣੀਆ॥ ਸੁਖੁ ਹੋਵੈ ਸੇਵ ਕਮਾਣੀਆ॥ (੨੫)

- ਗੁਰਮੁਖਿ ਬਾਣੀ ਬ੍ਰਹਮੁ ਹੈ ਸਬਦਿ ਮਿਲਾਵਾ ਹੋਇ॥
ਨਾਨਕ ਨਾਮੁ ਸਮਾਲਿ ਤੂ ਜਿਤੁ ਸੇਵਿਐ ਸੁਖੁ ਹੋਇ॥ (੩੯)

- ਅੰਮ੍ਰਿਤ ਬਾਣੀ ਹਰਿ ਹਰਿ ਤੇਰੀ॥ ਸੁਣਿ ਸੁਣਿ ਹੋਵੈ ਪਰਮ ਗਤਿ ਮੇਰੀ॥
ਜਲਨਿ ਬੁਝੀ ਸੀਤਲੁ ਹੋਇ ਮਨੂਆ ਸਤਿਗੁਰ ਕਾ ਦਰਸਨੁ ਪਾਏ ਜੀਉ॥
ਸੂਖੁ ਭਇਆ ਦੁਖੁ ਦੂਰਿ ਪਰਾਨਾ॥ ਸੰਤ ਰਸਨ ਹਰਿ ਨਾਮੁ ਵਖਾਨਾ॥
ਜਲ ਥਲ ਨੀਰਿ ਭਰੇ ਸਰ ਸੁਭਰ ਬਿਰਥਾ ਕੋਇ ਨ ਜਾਏ ਜੀਉ॥ (੧੦੩)

- ਤਨੁ ਮਨੁ ਖੋਜੇ ਤਾ ਨਾਉ ਪਾਏ॥ ਧਾਵਤੁ ਰਾਖੈ ਠਾਕਿ ਰਹਾਏ॥
ਗੁਰ ਕੀ ਬਾਣੀ ਅਨਦਿਨੁ ਗਾਵੈ ਸਹਜੇ ਭਗਤਿ ਕਰਾਵਣਿਆ॥ (੧੧੦)

- ਭਾਉ ਭੋਜਨੁ ਸਤਿਗੁਰਿ ਤੁਠੈ ਪਾਏ॥ ਅਨ ਰਸੁ ਚੂਕੈ ਹਰਿ ਰਸੁ ਮੰਨਿ ਵਸਾਏ॥
ਸਚੁ ਸੰਤੋਖੁ ਸਹਜ ਸੁਖੁ ਬਾਣੀ ਪੂਰੇ ਗੁਰ ਤੇ ਪਾਵਣਿਆ॥ (੧੧੫)

- ਅੰਮ੍ਰਿਤ ਸਬਦੁ ਅੰਮ੍ਰਿਤ ਹਰਿ ਬਾਣੀ॥ ਸਤਿਗੁਰਿ ਸੇਵਿਐ ਰਿਦੈ ਸਮਾਣੀ॥
ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭ ਭੁਖ ਲਹਿ ਜਾਵਣਿਆ॥ (੧੧੯)

- ਸਭੁ ਕੋ ਤੇਰਾ ਭਗਤੁ ਕਹਾਏ॥ ਸੇਈ ਭਗਤ ਤੇਰੈ ਮਨਿ ਭਾਏ॥
ਸਚੁ ਬਾਣੀ ਤੁਧੈ ਸਾਲਾਹਨਿ ਰੰਗਿ ਰਾਤੇ ਭਗਤਿ ਕਰਾਵਣਿਆ॥ (੧੨੨)

- ਅੰਤਰਿ ਹਰਿ ਨਾਮੁ ਬਾਸਨਾ ਸਮਾਣੀ॥ ਹਰਿ ਦਰਿ ਸੋਭਾ ਮਹਾ ਉਤਮ ਬਾਣੀ॥
ਜਿ ਪੁਰਖੁ ਸੁਣੈ ਸੁ ਹੋਇ ਨਿਹਾਲੁ॥ ਨਾਨਕ ਸਤਿਗੁਰ ਮਿਲਿਐ ਪਾਇਆ ਨਾਮੁ ਧਨੁ ਮਾਲੁ॥ (੩੧੭)

- ਸਾਚੀ ਬਾਣੀ ਸੂਚਾ ਹੋਇ॥ ਗੁਣ ਤੇ ਨਾਮੁ ਪਰਾਪਤਿ ਹੋਇ॥ (੩੬੧)

- ਊਚੀ ਬਾਣੀ ਊਚਾ ਹੋਇ॥ ਗੁਰਮੁਖਿ ਸਬਦਿ ਵਖਾਣੈ ਕੋਇ॥ (੩੬੧)

- ਭਗਤਿ ਭੰਡਾਰ ਗੁਰਬਾਣੀ ਲਾਲ॥ ਗਾਵਤ ਸੁਨਤ ਕਮਾਵਤ ਨਿਹਾਲ॥ (੩੭੬)

- ਨਾਨਕ ਮਸਤਕਿ ਜਿਸੁ ਵਡਭਾਗੁ॥ ਗੁਰ ਕੀ ਬਾਣੀ ਸਹਜ ਬੈਰਾਗੁ॥ (੫੬੦)

- ਗੁਰ ਪਰਸਾਦੀ ਸੁਖੁ ਊਪਜੈ ਜਾ ਗੁਰ ਕਾ ਸਬਦੁ ਕਮਾਇ॥
  ਸਚੀ ਬਾਣੀ ਕਰਮ ਕਰੇ ਅਨਦਿਨੁ ਨਾਮੁ ਧਿਆਇ॥ (੫੯੩)

- ਗੁਰਮੁਖਿ ਹੋਵੈ ਸੁ ਨਾਮੁ ਧਿਆਵੈ ਸਦਾ ਹਰਿ ਨਾਮੁ ਸਮਾਲਿ॥
  ਸਚੀ ਬਾਣੀ ਹਰਿ ਗੁਣ ਗਾਵੈ ਨਦਰੀ ਨਦਰਿ ਨਿਹਾਲਿ॥ (੬੦੦)

- ਸਾਧਸੰਗਿ ਜਉ ਤੁਮਹਿ ਮਿਲਾਇਓ ਤਉ ਸੁਨੀ ਤੁਮਾਰੀ ਬਾਣੀ॥
  ਅਨਦੁ ਭਇਆ ਪੇਖਤ ਹੀ ਨਾਨਕ ਪ੍ਰਤਾਪ ਪੁਰਖ ਨਿਰਬਾਣੀ॥ (੬੧੪)

- ਗੁਰ ਪੂਰੇ ਕੀ ਬਾਣੀ ਜਪਿ ਅਨਦੁ ਕਰਹੁ ਨਿਤ ਪ੍ਰਾਣੀ॥ (੬੧੬)

- ਪੂਰੇ ਗੁਰ ਕੀ ਸਾਚੀ ਬਾਣੀ॥ ਸੁਖ ਮਨ ਅੰਤਰਿ ਸਹਜਿ ਸਮਾਣੀ॥ (੬੬੩)

- ਸਬਦਿ ਮਿਲੈ ਪ੍ਰੀਤਮੁ ਸਦਾ ਧਿਆਏ॥ ਸਾਚ ਨਾਮਿ ਵਡਿਆਈ ਪਾਏ॥ (੬੬੪)

- ਹਉਮੈ ਸਬਦਿ ਜਲਾਇਆ ਮੇਰੇ ਹਰਿ ਭਾਇਆ ਜਿਸ ਦੀ ਸਾਚੀ ਬਾਣੀ॥
  ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ॥ (੭੬੮)

- ਸਚੀ ਬਾਣੀ ਸਚੇ ਗੁਣ ਗਾਵਹਿ ਤਿਤੁ ਘਰਿ ਸੋਹਿਲਾ ਹੋਈ ਰਾਮ॥
  ਨਿਰਮਲ ਗੁਣ ਸਾਚੇ ਤਨੁ ਮਨੁ ਸਾਚਾ ਵਿਚਿ ਸਾਚਾ ਪੁਰਖੁ ਪ੍ਰਭੁ ਸੋਈ ਰਾਮ॥ (੭੬੯)

- ਸਾਚੀ ਭਗਤਿ ਕਰਹਿ ਦਰਿ ਜਾਪਹਿ ਘਰਿ ਦਰਿ ਸਚਾ ਸੋਈ॥
  ਨਾਨਕ ਸਚਾ ਸੋਹਿਲਾ ਸਚੀ ਸਚੁ ਬਾਣੀ ਸਬਦੇ ਹੀ ਸੁਖੁ ਹੋਈ॥ (੭੭੧)

- ਅਨਹਦ ਬਾਣੀ ਗੁਰਮੁਖਿ ਵਖਾਣੀ ਜਸੁ ਸੁਣਿ ਸੁਣਿ ਮਨੁ ਤਨੁ ਹਰਿਆ॥
  ਸਰਬ ਸੁਖਾ ਤਿਸ ਹੀ ਬਣਿ ਆਏ ਜੋ ਪ੍ਰਭਿ ਅਪਨਾ ਕਰਿਆ॥ (੭੮੧)

- ਸੁਖ ਸਹਜ ਆਨੰਦ ਘਣੇ॥ ਗੁਰੁ ਪੂਰਾ ਪੂਰੀ ਜਾ ਕੀ ਬਾਣੀ ਅਨਿਕ ਗੁਣਾ ਜਾ ਕੇ ਜਾਹਿ ਨ ਗਣੇ॥ (੮੦੫)

- ਮਨੁ ਤਨੁ ਸੀਤਲੁ ਗੁਰ ਚਰਣੀ ਲਾਗਾ॥ ਅੰਤਰਿ ਭਰਮੁ ਗਇਆ ਭਉ ਭਾਗਾ॥
  ਸਦਾ ਅਨੰਦੁ ਸਚੇ ਗੁਣ ਗਾਵਹਿ ਸਚੁ ਬਾਣੀ ਬੋਲਾਇਦਾ॥ (੧੦੬੧)

- ਸੰਤ ਸਭਾ ਜਹ ਬੈਸਹਿ ਪ੍ਰਭ ਪਾਸੇ॥ ਅਨੰਦ ਮੰਗਲ ਹਰਿ ਚਲਤ ਤਮਾਸੇ॥
ਗੁਣ ਗਾਵਹਿ ਅਨਹਦ ਧੁਨਿ ਬਾਣੀ ਤਹ ਨਾਨਕ ਦਾਸੁ ਚਿਤਾਰਣਾ॥ (੧੦੭੭)

- ਅੰਮ੍ਰਿਤ ਬਾਣੀ ਸੁਣਤ ਨਿਹਾਲ॥ ਬਿਨਸਿ ਗਏ ਬਿਖਿਆ ਜੰਜਾਲ॥ (੧੩੪੦)

- ਖੇਮ ਸਾਂਤਿ ਰਿਧਿ ਨਵ ਨਿਧਿ॥ ਬੁਧਿ ਗਿਆਨੁ ਸਰਬ ਤਹ ਸਿਧਿ॥
ਬਿਦਿਆ ਤਪੁ ਜੋਗੁ ਪ੍ਰਭ ਧਿਆਨੁ॥ ਗਿਆਨੁ ਸ੍ਰੇਸਟ ਊਤਮ ਇਸਨਾਨੁ॥
ਚਾਰਿ ਪਦਾਰਥ ਕਮਲ ਪ੍ਰਗਾਸ॥ ਸਭ ਕੈ ਮਧਿ ਸਗਲ ਤੇ ਉਦਾਸ॥
ਸੁੰਦਰੁ ਚਤੁਰੁ ਤਤ ਕਾ ਬੇਤਾ॥ ਸਮਦਰਸੀ ਏਕ ਦ੍ਰਿਸਟੇਤਾ॥
ਇਹ ਫਲ ਤਿਸੁ ਜਨ ਕੈ ਮੁਖਿ ਭਨੇ॥ ਗੁਰ ਨਾਨਕ ਨਾਮ ਬਚਨ ਮਨਿ ਸੁਨੇ॥ (੨੯੫)

(੬) ਨਾਮ ਦੇ ਅਪਾਰ ਗੂੜ੍ਹੇ ਲਾਲ ਗੁਲਾਲ ਚਲੂਲੇ ਰੰਗਾਂ ਦੀ ਪ੍ਰਾਪਤੀ ਤੇ ਨਾਮ ਦਾ ਪ੍ਰਕਾਸ਼ ਅਤੇ ਅਨਾਹਦ ਸ਼ਬਦ ਦਾ ਮੇਲ

- ਮਨਮੁਖਿ ਕਰਮ ਕਰਹਿ ਨਹੀ ਬੂਝਹਿ ਬਿਰਥਾ ਜਨਮੁ ਗਵਾਏ॥
ਗੁਰਬਾਣੀ ਇਸੁ ਜਗ ਮਹਿ ਚਾਨਣੁ ਕਰਮਿ ਵਸੈ ਮਨਿ ਆਏ॥ (੬੭)

- ਬਾਣੀ ਉਚਰਹਿ ਸਾਧ ਜਨ ਅਮਿਉ ਚਲਹਿ ਝਰਣੇ॥ ਪੇਖਿ ਦਰਸਨੁ ਨਾਨਕੁ ਜੀਵਿਆ ਮਨ ਅੰਦਰਿ ਧਰਣੇ॥ (੩੨੦)

- ਅਨਹਦ ਧੁਨਿ ਵਾਜਹਿ ਨਿਤ ਵਾਜੇ ਗਾਈ ਸਤਿਗੁਰ ਬਾਣੀ॥
ਨਾਨਕ ਦਾਤਿ ਕਰੀ ਪ੍ਰਭਿ ਦਾਤੈ ਜੋਤੀ ਜੋਤਿ ਸਮਾਣੀ॥ (੪੪੨)

- ਨਾ ਕਦੇ ਹੋਵੈ ਸੋਗੁ ਅਨਦਿਨੁ ਰਸ ਭੋਗ ਸਾ ਧਨ ਮਹਲਿ ਸਮਾਣੀ॥
ਜਿਨਿ ਪ੍ਰਿਉ ਜਾਤਾ ਕਰਮ ਬਿਧਾਤਾ ਬੋਲੇ ਅੰਮ੍ਰਿਤ ਬਾਣੀ॥ (੫੮੨)

- ਕਮਲੁ ਪ੍ਰਗਾਸਿ ਸਦਾ ਰੰਗਿ ਰਾਤਾ ਅਨਹਦ ਸਬਦੁ ਵਜਾਇਆ॥
ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਚੇ ਸਚਿ ਸਮਾਇਆ॥ (੬੦੨)

- ਭਗਤ ਸੋਹਹਿ ਦਰਵਾਰਿ ਸਬਦਿ ਸੁਹਾਇਆ ਜੀਉ॥ ਬੋਲਹਿ ਅੰਮ੍ਰਿਤ ਬਾਣਿ ਰਸਨ ਰਸਾਇਆ ਜੀਉ॥
ਰਸਨ ਰਸਾਏ ਨਾਮਿ ਤਿਸਾਏ ਗੁਰ ਕੈ ਸਬਦਿ ਵਿਕਾਣੇ॥
ਪਾਰਸਿ ਪਰਸਿਐ ਪਾਰਸੁ ਹੋਏ ਜਾ ਤੇਰੈ ਮਨਿ ਭਾਣੇ॥ (੬੮੮)

- ਨੈਨੀ ਦੇਖਿ ਦਰਸੁ ਮਨੁ ਤ੍ਰਿਪਤੈ ਸ੍ਰਵਨ ਬਾਣੀ ਗੁਰ ਸਬਦੁ ਸੁਣਈਆ॥
ਸੁਨਿ ਸੁਨਿ ਆਤਮ ਦੇਵ ਹੈ ਭੀਨੇ ਰਸਿ ਰਸਿ ਰਾਮ ਗੋਪਾਲ ਰਵਈਆ॥ (੮੩੩)

- ਆਪੇ ਕਰੇ ਕਰਾਏ ਪ੍ਰਭੁ ਆਪੇ ਆਪੇ ਨਦਰਿ ਕਰੇਇ॥
ਮਨੁ ਤਨੁ ਰਾਤਾ ਗੁਰ ਕੀ ਬਾਣੀ ਸੇਵਾ ਸੁਰਤਿ ਸਮੇਇ॥ (੧੨੫੯)

- ਹਰਿ ਭਾਉ ਲਗਾ ਬੈਰਾਗੀਆ ਵਡਭਾਗੀ ਹਰਿ ਮਨਿ ਰਾਖੁ॥
ਮਿਲਿ ਸੰਗਤਿ ਸਰਧਾ ਊਪਜੈ ਗੁਰ ਸਬਦੀ ਹਰਿ ਰਸੁ ਚਾਖੁ॥
ਸਭੁ ਮਨੁ ਤਨੁ ਹਰਿਆ ਹੋਇਆ ਗੁਰਬਾਣੀ ਹਰਿ ਗੁਣ ਭਾਖੁ॥ (੯੯੭)

- ਗੁਰਮਤਿ ਬੋਲਹੁ ਹਰਿ ਜਸੁ ਸੂਚਾ॥ ਗੁਰਮਤਿ ਆਖੀ ਦੇਖਹੁ ਊਚਾ॥
ਸ੍ਰਵਣੀ ਨਾਮੁ ਸੁਣੈ ਹਰਿ ਬਾਣੀ ਨਾਨਕ ਹਰਿ ਰੰਗਿ ਰੰਗਾਇਆ॥ (੧੦੪੧)

- ਅੰਤਰਿ ਪ੍ਰੇਮੁ ਪਰਾਪਤਿ ਦਰਸਨੁ॥ ਗੁਰਬਾਣੀ ਸਿਉ ਪ੍ਰੀਤਿ ਸੁ ਪਰਸਨੁ॥
ਅਹਿਨਿਸਿ ਨਿਰਮਲ ਜੋਤਿ ਸਬਾਈ ਘਟਿ ਦੀਪਕੁ ਗੁਰਮੁਖਿ ਜਾਤਾ ਹੇ॥ (੧੦੩੨)

- ਅੰਮ੍ਰਿਤ ਰਸੁ ਸਤਿਗੁਰੂ ਚੁਆਇਆ॥ ਦਸਵੈ ਦੁਆਰਿ ਪ੍ਰਗਟੁ ਹੋਇ ਆਇਆ॥
ਤਹ ਅਨਹਦ ਸਬਦ ਵਜਹਿ ਧੁਨਿ ਬਾਣੀ ਸਹਜੇ ਸਹਜਿ ਸਮਾਈ ਹੇ॥ (੧੦੬੯)

- ਕਾਇਆ ਪਾਤ੍ਰ ਪ੍ਰਭੁ ਕਰਣੈਹਾਰਾ॥ ਲਗੀ ਲਾਗਿ ਸੰਤ ਸੰਗਾਰਾ॥
ਨਿਰਮਲ ਸੋਇ ਬਣੀ ਹਰਿ ਬਾਣੀ ਮਨੁ ਨਾਮਿ ਮਜੀਠੈ ਰੰਗਨਾ॥ (੧੦੮੧)

- ਗੁਰ ਕੀ ਬਾਣੀ ਨਿਰਮਲੀ ਹਰਿ ਰਸੁ ਪੀਆਇਆ॥
ਹਰਿ ਰਸੁ ਜਿਨੀ ਚਾਖਿਆ ਅਨ ਰਸ ਠਾਕਿ ਰਹਾਇਆ॥
ਹਰਿ ਰਸੁ ਪੀ ਸਦਾ ਤ੍ਰਿਪਤਿ ਭਏ ਫਿਰਿ ਤ੍ਰਿਸਨਾ ਭੁਖ ਗਵਾਇਆ॥ (੧੦੮੮)

(੭) ਸੱਚੀ ਲਿਵ, ਸੱਚੀ ਇਕਾਗਰਤਾ, ਮਨ ਦੀ ਨਿਰਮਲਤਾ ਅਤੇ ਮਨ ਦੀ ਜਿਤ

- ਗੁਰਮੁਖਿ ਬਾਣੀ ਮੀਠੀ ਲਾਗੀ॥ ਅੰਤਰੁ ਬਿਗਸੈ ਅਨਦਿਨੁ ਲਿਵ ਲਾਗੀ॥ (੨੩੨)

- ਜਿਨ ਬਾਣੀ ਸਿਉ ਚਿਤੁ ਲਾਇਆ ਸੇ ਜਨ ਨਿਰਮਲ ਪਰਵਾਣੁ॥
ਨਾਨਕ ਨਾਮੁ ਤਿਨ੍ਹਾ ਕਦੇ ਨ ਵੀਸਰੈ ਸੇ ਦਰਿ ਸਚੇ ਜਾਣੁ॥ (੪੨੯)

- ਗੁਰਮਤਿ ਮਨਿ ਅੰਮ੍ਰਿਤੁ ਵੁਠੜਾ ਮੇਰੀ ਜਿੰਦੁੜੀਏ ਮੁਖਿ ਅੰਮ੍ਰਿਤ ਬੈਣ ਅਲਾਏ ਰਾਮ॥
ਅੰਮ੍ਰਿਤ ਬਾਣੀ ਭਗਤ ਜਨਾ ਕੀ ਮੇਰੀ ਜਿੰਦੁੜੀਏ ਮਨਿ ਸੁਣੀਐ ਹਰਿ ਲਿਵ ਲਾਏ ਰਾਮ॥ (੫੩੮)

- ਗੁਰਮਤਿ ਮਨੁ ਠਹਰਾਈਐ ਮੇਰੀ ਜਿੰਦੁੜੀਏ ਅਨਤ ਨ ਕਾਹੂ ਡੋਲੇ ਰਾਮ॥
ਮਨ ਚਿੰਦਿਅੜਾ ਫਲੁ ਪਾਇਆ ਹਰਿ ਪ੍ਰਭੁ ਗੁਣ ਨਾਨਕ ਬਾਣੀ ਬੋਲੇ ਰਾਮ॥ (੫੩੮)

- ਗੁਰਮੁਖਿ ਸਾਚੇ ਕਾ ਭਉ ਪਾਵੈ॥ ਗੁਰਮੁਖਿ ਬਾਣੀ ਅਘੜੁ ਘੜਾਵੈ॥ (੯੪੧)

- ਸਤਿਗੁਰ ਬਾਣੀ ਪੁਰਖੁ ਪੁਰਖੋਤਮ ਬਾਣੀ ਸਿਉ ਚਿਤੁ ਲਾਵੈਗੋ॥

ਗੁਰਬਾਣੀ ਸੁਨਤ ਮੇਰਾ ਮਨੁ ਦ੍ਰਵਿਆ ਮਨੁ ਭੀਨਾ ਨਿਜ ਘਰਿ ਆਵੈਗੋ॥ (੧੩੦੮)

- ਸਤਿਗੁਰ ਸਬਦੀ ਇਹੁ ਮਨੁ ਭੇਦਿਆ ਹਿਰਦੈ ਸਾਚੀ ਬਾਣੀ॥
ਮੇਰਾ ਪ੍ਰਭੁ ਅਲਖੁ ਨ ਜਾਈ ਲਖਿਆ ਗੁਰਮੁਖਿ ਅਕਥ ਕਹਾਣੀ॥ (੧੨੫੯)

- ਜਿਸਹਿ ਬੁਝਾਏ ਸੋਈ ਬੂਝੈ ਜਿਸ ਨੋ ਆਪੇ ਲਏ ਮਿਲਾਇ॥
ਅਨਦਿਨੁ ਬਾਣੀ ਸਬਦੇ ਗਾਂਵੈ ਸਾਚਿ ਰਹੈ ਲਿਵ ਲਾਇ॥ (੧੨੫੯)

(੮) ਸਹਜ ਪਦ, ਤੁਰੀਆ ਪਦ ਅਥਵਾ ਅਮਰਪਦ, ਪਰਮ ਪਦ ਦੀ ਪ੍ਰਾਪਤੀ

- ਦਰਸਨੁ ਆਪਿ ਸਹਜ ਘਰਿ ਆਵੈ॥ ਨਿਰਮਲ ਬਾਣੀ ਨਾਦੁ ਵਜਾਵੈ॥ (੪੧੧)

- ਰੂੜੋ ਠਾਕੁਰ ਮਾਹਰੋ ਰੂੜੀ ਗੁਰਬਾਣੀ॥ ਵਡੈ ਭਾਗਿ ਸਤਿਗੁਰੁ ਮਿਲੈ ਪਾਈਐ ਪਦੁ ਨਿਰਬਾਣੀ॥ (੪੨੧)

- ਅੰਮ੍ਰਿਤ ਨਾਮੁ ਸਦ ਮੀਠਾ ਲਾਗਾ ਗੁਰ ਸਬਦੀ ਸਾਦੁ ਆਇਆ॥
ਸਚੀ ਬਾਣੀ ਸਹਜਿ ਸਮਾਣੀ ਹਰਿ ਜੀਉ ਮਨਿ ਵਸਾਇਆ॥ (੫੫੯)

- ਸਾਚਾ ਸਬਦੁ ਸਿਫਤਿ ਹੈ ਸਾਚੀ ਸਾਚਾ ਮੰਨਿ ਵਸਾਏ॥
ਸਚੀ ਬਾਣੀ ਗੁਰਮੁਖਿ ਆਖੈ ਹਉਮੈ ਵਿਚਹੁ ਜਾਏ॥ (੭੫੩)

- ਸੁਣਿ ਸ੍ਰਵਣ ਬਾਣੀ ਸਹਜਿ ਜਾਣੀ ਹਰਿ ਨਾਮੁ ਜਪਿ ਵਡਭਾਗੈ॥
ਬਿਨਵੰਤਿ ਨਾਨਕ ਸਰਣਿ ਸੁਆਮੀ ਜੀਉ ਪਿੰਡੁ ਪ੍ਰਭ ਆਗੈ॥ (੭੭੮)

- ਹਰਿ ਗੁਣ ਗਾਇ ਪਰਮ ਪਦੁ ਪਾਇਆ ਪ੍ਰਭ ਕੀ ਉਤਮ ਬਾਣੀ॥
ਸਹਜ ਕਥਾ ਪ੍ਰਭ ਕੀ ਅਤਿ ਮੀਠੀ ਕਥੀ ਅਕਥ ਕਹਾਣੀ॥ (੭੮੧)

- ਸਚੈ ਸਬਦਿ ਸਚੁ ਕਮਾਵੈ॥ ਸਚੀ ਬਾਣੀ ਹਰਿ ਗੁਣ ਗਾਵੈ॥
ਨਿਜ ਘਰਿ ਵਾਸੁ ਅਮਰ ਪਦੁ ਪਾਵੈ॥ ਤਾ ਦਰਿ ਸਾਚੈ ਸੋਭਾ ਪਾਵੈ॥ (੧੩੪੨)

- ਸਿਮਰਤ ਏਕੁ ਅਚੁਤ ਅਬਿਨਾਸੀ ਬਿਨਸੇ ਮਾਇਆ ਮਾਦ॥
ਸਹਜ ਅਨਦ ਅਨਹਦ ਧੁਨਿ ਬਾਣੀ ਬਹੁਰਿ ਨ ਪਏ ਬਿਖਾਦ॥ (੧੨੨੪)

(੯) ਮੋਖ ਦੁਆਰ, ਸਚੀ ਮੁਕਤਿ ਪਰਾਪਤਿ

- ਅੰਮ੍ਰਿਤ ਬਾਣੀ ਹਰਿ ਹਰਿ ਤੇਰੀ॥ ਸੁਣਿ ਸੁਣਿ ਹੋਵੈ ਪਰਮ ਗਤਿ ਮੇਰੀ॥
ਜਲਨਿ ਬੁਝੀ ਸੀਤਲੁ ਹੋਇ ਮਨੂਆ ਸਤਿਗੁਰ ਕਾ ਦਰਸਨੁ ਪਾਏ ਜੀਉ॥ (੧੦੩)

- ਸਚੁ ਕਰਣੀ ਸਬਦੁ ਹੈ ਸਾਰੁ॥ ਪੂਰੈ ਗੁਰਿ ਪਾਈਐ ਮੋਖ ਦੁਆਰੁ॥
ਅਨਦਿਨੁ ਬਾਣੀ ਸਬਦਿ ਸੁਣਾਏ ਸਚਿ ਰਾਤੇ ਰੰਗਿ ਰੰਗਾਵਣਿਆ॥ (੧੧੪)

- ਹਰਿ ਕਾ ਸੰਤੁ ਸਤਗੁਰੁ ਸਤ ਪੁਰਖਾ ਜੋ ਬੋਲੈ ਹਰਿ ਹਰਿ ਬਾਨੀ॥
ਜੋ ਜੋ ਕਹੈ ਸੁਣੈ ਸੋ ਮੁਕਤਾ ਹਮ ਤਿਸ ਕੈ ਸਦ ਕੁਰਬਾਨੀ॥ (੬੬੭)

- ਬਾਣੀ ਗੁਰ ਗਾਈ ਪਰਮ ਗਤਿ ਪਾਈ ਪੰਚ ਮਿਲੇ ਸੋਹਾਇਆ॥
ਗਇਆ ਕਰੋਧੁ ਮਮਤਾ ਤਨਿ ਨਾਠੀ ਪਾਖੰਡੁ ਭਰਮੁ ਗਵਾਇਆ॥ (੭੭੩)

- ਸਤਿਗੁਰ ਬਚਨ ਤੁਮ੍ਹਾਰੇ॥ ਨਿਰਗੁਣ ਨਿਸਤਾਰੇ॥ ਮਹਾ ਬਿਖਾਦੀ ਦੁਸਟ ਅਪਵਾਦੀ ਤੇ ਪੁਨੀਤ ਸੰਗਾਰੇ॥
ਜਨਮ ਭਵੰਤੇ ਨਰਕਿ ਪੜੰਤੇ ਤਿਨ੍ ਕੇ ਕੁਲ ਉਧਾਰੇ॥ ਕੋਇ ਨ ਜਾਨੈ ਕੋਇ ਨ ਮਾਨੈ ਸੇ ਪਰਗਟੁ ਹਰਿ ਦੁਆਰੇ॥ (੪੦੬)

- ਸਾਚੀ ਬਾਣੀ ਮੀਠੀ ਅੰਮ੍ਰਿਤ ਧਾਰ॥ ਜਿਨਿ ਪੀਤੀ ਤਿਸੁ ਮੋਖ ਦੁਆਰ॥ (੧੨੭੫)

- ਭਗਤ ਜਨਾ ਕੀ ਊਤਮ ਬਾਣੀ ਜੁਗਿ ਜੁਗਿ ਰਹੀ ਸਮਾਈ॥
ਬਾਣੀ ਲਾਗੈ ਸੋ ਗਤਿ ਪਾਏ ਸਬਦੇ ਸਚਿ ਸਮਾਈ॥ (੯੦੯)

(੧੦) ਹਿਰਦੇ ਕੰਵਲ ਦਾ ਖਿੜਾਉ ਅਤੇ ਨਾਮ ਨਾਮੀ ਦਾ ਹਿਰਦੇ ਮਨ ਵਿਖੇ ਨਿਵਾਸ

- ਸਬਦੈ ਸਾਦੁ ਜਾਣਹਿ ਤਾ ਆਪੁ ਪਛਾਣਹਿ॥ ਨਿਰਮਲ ਬਾਣੀ ਸਬਦਿ ਵਖਾਣਹਿ॥
ਸਚੇ ਸੇਵਿ ਸਦਾ ਸੁਖੁ ਪਾਇਨਿ ਨਉ ਨਿਧਿ ਨਾਮੁ ਮੰਨਿ ਵਸਾਵਣਿਆ॥ (੧੧੫)

- ਸਤਿਗੁਰੁ ਸੇਵੈ ਸੋ ਜਨੁ ਸੋਹੈ॥ ਅੰਮ੍ਰਿਤ ਨਾਮਿ ਅੰਤਰੁ ਮਨੁ ਮੋਹੈ॥
ਅੰਮ੍ਰਿਤਿ ਮਨੁ ਤਨੁ ਬਾਣੀ ਰਤਾ ਅੰਮ੍ਰਿਤੁ ਸਹਜਿ ਸੁਣਾਵਣਿਆ॥ (੧੧੯)

- ਜਿਸ ਕੀ ਬਾਣੀ ਤਿਸੁ ਮਾਹਿ ਸਮਾਣੀ॥ ਤੇਰੀ ਅਕਥ ਕਥਾ ਗੁਰ ਸਬਦਿ ਵਖਾਣੀ॥ (੧੬੦)

- ਗੁਰਮਤੀ ਨਾਮੁ ਰਿਦੈ ਵਸਾਏ॥ ਸਾਚੀ ਬਾਣੀ ਹਰਿ ਗੁਣ ਗਾਏ॥ (੨੨੨)

- ਨਿਰਭਉ ਦਾਤਾ ਸਦਾ ਮਨਿ ਹੋਇ॥ ਸਚੀ ਬਾਣੀ ਪਾਏ ਭਾਗਿ ਕੋਇ॥ (੩੬੧)

- ਅੰਮ੍ਰਿਤ ਬਾਣੀ ਤਤੁ ਹੈ ਗੁਰਮੁਖਿ ਵਸੈ ਮਨਿ ਆਇ॥ ਹਿਰਦੈ ਕਮਲੁ ਪਰਗਾਸਿਆ ਜੋਤੀ ਜੋਤਿ ਮਿਲਾਇ॥(੧੪੨੪)

- ਗੁਰਬਾਣੀ ਤੇ ਹਰਿ ਮੰਨਿ ਵਸਾਏ॥ ਨਾਨਕ ਸਾਚਿ ਰਤੇ ਪ੍ਰਭਿ ਆਪਿ ਮਿਲਾਏ॥ (੬੬੪)

- ਹਰਿ ਕੇ ਗੁਣ ਗਾਵਾ ਜੇ ਹਰਿ ਪ੍ਰਭ ਭਾਵਾ॥ ਅੰਤਰਿ ਹਰਿ ਨਾਮੁ ਸਬਦਿ ਸੁਹਾਵਾ॥

ਗੁਰਬਾਣੀ ਚਹੁ ਕੁੰਡੀ ਸੁਣੀਐ ਸਾਚੈ ਨਾਮਿ ਸਮਾਇਦਾ॥ (੧੦੬੫)

- ਜੋ ਜਨ ਜਾਨਿ ਭਜਹਿ ਪੁਰਖੋਤਮੁ ਤਾ ਚੀ ਅਬਿਗਤੁ ਬਾਣੀ॥
ਨਾਮਾ ਕਹੈ ਜਗਜੀਵਨੁ ਪਾਇਆ ਹਿਰਦੈ ਅਲਖ ਬਿਡਾਣੀ॥ (੧੩੫੧)

- ਆਪੇ ਮੇਲਿ ਲਏ ਅਕਥੁ ਕਥੀਐ ਸਚੁ ਸਬਦੁ ਸਚੁ ਬਾਣੀ॥
ਨਾਨਕ ਸਾਚੇ ਸਚਿ ਸਮਾਣੇ ਹਰਿ ਕਾ ਨਾਮੁ ਵਖਾਣੀ॥ (੧੨੩੩)

- ਮਨਮੁਖ ਬੁਧਿ ਕਾਚੀ ਮਨੂਆ ਡੋਲੈ ਅਕਥੁ ਨ ਕਥੈ ਕਹਾਨੀ॥
ਗੁਰਮਤਿ ਨਿਹਚਲੁ ਹਰਿ ਮਨਿ ਵਸਿਆ ਅੰਮ੍ਰਿਤ ਸਾਚੀ ਬਾਨੀ॥ (੧੨੩੩)

(੧੧) ਮਾਣਸ ਜਨਮ ਦੀ ਸਫ਼ਲਤਾ

- ਸੀਤਲ ਆਘਾਣੇ ਅੰਮ੍ਰਿਤ ਬਾਣੇ ਸਾਜਨ ਸੰਤ ਬਸੀਠਾ॥
ਕਹੁ ਨਾਨਕ ਹਰਿ ਸਿਉ ਮਨੁ ਮਾਨਿਆ ਸੋ ਪ੍ਰਭੁ ਨੈਣੀ ਡੀਠਾ॥ (੪੫੨)

- ਗੁਰ ਕੀ ਕਾਰ ਕਮਾਇ ਲਾਹਾ ਘਰਿ ਆਣਿਆ॥ ਗੁਰਬਾਣੀ ਨਿਰਬਾਣੁ ਸਬਦਿ ਪਛਾਣਿਆ॥ (੭੫੨)

- ਅੰਮ੍ਰਿਤ ਬਾਣੀ ਅਮਿਉ ਰਸੁ ਅੰਮ੍ਰਿਤੁ ਹਰਿ ਕਾ ਨਾਉ॥ ਮਨਿ ਤਨਿ ਹਿਰਦੈ ਸਿਮਰਿ ਹਰਿ ਆਠ ਪਹਰ ਗੁਣ ਗਾਉ॥
ਉਪਦੇਸੁ ਸੁਣਹੁ ਤੁਮ ਗੁਰਸਿਖਹੁ ਸਚਾ ਇਹੈ ਸੁਆਉ॥
ਜਨਮੁ ਪਦਾਰਥੁ ਸਫਲੁ ਹੋਇ ਮਨ ਮਹਿ ਲਾਇਹੁ ਭਾਉ॥ (੯੬੩)

- ਸਫਲ ਸੁ ਬਾਣੀ ਜਿਤੁ ਨਾਮੁ ਵਖਾਣੀ॥ ਗੁਰ ਪਰਸਾਦਿ ਕਿਨੈ ਵਿਰਲੈ ਜਾਣੀ॥
ਧੰਨੁ ਸੁ ਵੇਲਾ ਜਿਤੁ ਹਰਿ ਗਾਵਤ ਸੁਨਣਾ ਆਏ ਤੇ ਪਰਵਾਨਾ ਜੀਉ॥ (੧੦੩)

(੧੨) ਆਪੇ ਦੀ ਪਛਾਣ, ਨਾਮ ਦੀ ਸੋਝੀ, ਨਾਮੀ ਦੀ ਲੱਖਤਾ ਅਤੇ ਅਸਲ ਗੁਣਾਂ ਦੀ ਪਰਖ

- ਹਿਰਦੈ ਸੁਣਿ ਸੁਣਿ ਮਨਿ ਅੰਮ੍ਰਿਤੁ ਭਾਇਆ॥ ਗੁਰਬਾਣੀ ਹਰਿ ਅਲਖੁ ਲਖਾਇਆ॥
ਗੁਰਮੁਖਿ ਨਾਮੁ ਸੁਨਹੁ ਮੇਰੀ ਭੈਨਾ॥ ਏਕੋ ਰਵਿ ਰਹਿਆ ਘਟ ਅੰਤਰਿ ਮੁਖਿ ਬੋਲਹੁ ਗੁਰ ਅੰਮ੍ਰਿਤ ਬੈਨਾ॥ (੩੬੬)

- ਗੁਰ ਸੇਵਾ ਤੇ ਆਪੁ ਪਛਾਤਾ॥ ਅੰਮ੍ਰਿਤ ਨਾਮੁ ਵਸਿਆ ਸੁਖਦਾਤਾ॥ ਅਨਦਿਨੁ ਬਾਣੀ ਨਾਮੇ ਰਾਤਾ॥ (੪੧੫)

- ਸਚੇ ਭਗਤ ਸੋਹਹਿ ਦਰਵਾਰੇ ਸਚੋ ਸਚੁ ਵਖਾਣੇ ਰਾਮ॥ ਘਟ ਅੰਤਰੇ ਸਾਚੀ ਬਾਣੀ ਸਾਚੋ ਆਪਿ ਪਛਾਣੇ ਰਾਮ॥
ਆਪੁ ਪਛਾਣਹਿ ਤਾ ਸਚੁ ਜਾਣਹਿ ਸਾਚੇ ਸੋਝੀ ਹੋਈ॥ ਸਚਾ ਸਬਦੁ ਸਚੀ ਹੈ ਸੋਭਾ ਸਾਚੇ ਹੀ ਸੁਖੁ ਹੋਈ॥ (੭੬੯)

- ਜਿਨਿ ਮਨ ਵਿਚਿ ਵਥੁ ਪਾਈ ਸੋਈ ਜਾਣੈ॥ ਗੁਰ ਕੈ ਸਬਦੇ ਆਪੁ ਪਛਾਣੈ॥
ਆਪੁ ਪਛਾਣੈ ਸੋਈ ਜਨੁ ਨਿਰਮਲੁ ਬਾਣੀ ਸਬਦੁ ਸੁਣਾਇਦਾ॥ (੧੦੬੫)

- ਆਪੁ ਪਛਾਣਿ ਹਰਿ ਪਾਵੈ ਸੋਇ॥ ਸਾਚੀ ਬਾਣੀ ਮਹਲੁ ਪਰਾਪਤਿ ਹੋਇ॥ (੪੨੩)

- ਗੁਰਮੁਖਿ ਅੰਮ੍ਰਿਤ ਬਾਣੀ ਬੋਲਹਿ ਸਭ ਆਤਮ ਰਾਮੁ ਪਛਾਣੀ॥
ਏਕੋ ਸੇਵਨਿ ਏਕੁ ਅਰਾਧਹਿ ਗੁਰਮੁਖਿ ਅਕਥ ਕਹਾਣੀ॥ (੬੯)

(੧੩) ਸਮੂਹ ਕਾਰਜਾਂ ਦੀ ਸਿੱਧੀ ਅਤੇ ਮਨਿ ਬਾਂਛਤ ਸਗਲ ਫਲਾਂ ਦੀ ਪ੍ਰਾਪਤੀ

- ਬਾਣੀ ਰਾਮ ਨਾਮ ਸੁਣੀ ਸਿਧਿ ਕਾਰਜ ਸਭਿ ਸੁਹਾਏ ਰਾਮ॥
ਰੋਮੇ ਰੋਮਿ ਰੋਮਿ ਰੋਮੇ ਮੈ ਗੁਰਮੁਖਿ ਰਾਮੁ ਧਿਆਏ ਰਾਮ॥ (੪੪੩)

- ਸਹਜੇ ਵਖਾਣੀ ਅਮਿਉ ਬਾਣੀ ਚਰਣ ਕਮਲ ਰੰਗੁ ਲਾਇਆ॥
ਜਪਿ ਏਕੁ ਅਲਖੁ ਪ੍ਰਭੁ ਨਿਰੰਜਨੁ ਮਨ ਚਿੰਦਿਆ ਫਲੁ ਪਾਇਆ॥ (੪੫੩)

- ਗੁਰਮਤਿ ਮਨੁ ਠਹਰਾਈਐ ਮੇਰੀ ਜਿੰਦੁੜੀਏ ਅਨਤ ਨ ਕਾਹੂ ਡੋਲੇ ਰਾਮ॥
ਮਨ ਚਿੰਦਿਅੜਾ ਫਲੁ ਪਾਇਆ ਹਰਿ ਪ੍ਰਭੁ ਗੁਣ ਨਾਨਕ ਬਾਣੀ ਬੋਲੇ ਰਾਮ॥ (੫੩੯)

- ਉਤਮ ਸਲੋਕ ਸਾਧ ਕੇ ਬਚਨ॥ ਅਮੁਲੀਕ ਲਾਲ ਏਹਿ ਰਤਨ॥
ਸੁਨਤ ਕਮਾਵਤ ਹੋਤ ਉਧਾਰ॥ ਆਪਿ ਤਰੈ ਲੋਕਹ ਨਿਸਤਾਰ॥ (੨੯੫)

- ਸਰਬ ਇਛਾ ਤਾ ਕੀ ਪੂਰਨ ਹੋਇ॥ ਪ੍ਰਧਾਨ ਪੁਰਖੁ ਪ੍ਰਗਟੁ ਸਭ ਲੋਇ॥
ਸਭ ਤੇ ਊਚ ਪਾਏ ਅਸਥਾਨੁ॥ ਬਹੁਰਿ ਨ ਹੋਵੈ ਆਵਨ ਜਾਨੁ॥
ਹਰਿ ਧਨੁ ਖਾਟਿ ਚਲੈ ਜਨੁ ਸੋਇ॥ ਨਾਨਕ ਜਿਸਹਿ ਪਰਾਪਤਿ ਹੋਇ॥ (੨੯੫)

- ਸਭਿ ਸੁਖ ਮੁਕਤਿ ਨਾਮ ਧੁਨਿ ਬਾਣੀ ਸਚੁ ਨਾਮੁ ਉਰ ਧਾਰੀ॥
ਨਾਮ ਬਿਨਾ ਨਹੀ ਛੂਟਸਿ ਨਾਨਕ ਸਾਚੀ ਤਰੁ ਤੂ ਤਾਰੀ॥ (੧੦੧੩)

(੧੪) ਸਚਾ ਸੋਹਾਗ ਭਾਗ ਤੇ ਨਾਮੀ ਦੇ ਨਿਜ ਸਰੂਪ ਵਿਖੇ ਸਮਾਈ

- ਨਿਰਮਲ ਬਾਣੀ ਨਿਜ ਘਰਿ ਵਾਸਾ॥ ਨਾਨਕ ਹਉਮੈ ਮਾਰੇ ਸਦਾ ਉਦਾਸਾ॥ (੩੬੨)

- ਤ੍ਰਿਭਵਣ ਸੂਝੈ ਆਪੁ ਗਵਾਵੈ॥ ਬਾਣੀ ਬੂਝੈ ਸਚਿ ਸਮਾਵੈ॥ (੪੧੨)

- ਆਪੁ ਪਛਾਣਿ ਹਰਿ ਪਾਵੈ ਸੋਇ॥ ਸਾਚੀ ਬਾਣੀ ਮਹਲੁ ਪਰਾਪਤਿ ਹੋਇ॥ (੪੨੩)

- ਅੰਮ੍ਰਿਤ ਬਾਣੀ ਭਗਤ ਜਨਾ ਕੀ ਮੇਰੀ ਜਿੰਦੁੜੀਏ ਮਨਿ ਸੁਣੀਐ ਹਰਿ ਲਿਵ ਲਾਏ ਰਾਮ॥
ਚਿਰੀ ਵਿਛੁੰਨਾ ਹਰਿ ਪ੍ਰਭੁ ਪਾਇਆ ਗਲਿ ਮਿਲਿਆ ਸਹਜਿ ਸੁਭਾਏ ਰਾਮ॥ (੫੩੯)

- ਚਹੁ ਜੁਗ ਮਹਿ ਅੰਮ੍ਰਿਤੁ ਸਾਚੀ ਬਾਣੀ॥ ਪੂਰੈ ਭਾਗਿ ਹਰਿ ਨਾਮਿ ਸਮਾਣੀ॥ (੬੬੫)

- ਵਾਹੁ ਵਾਹੁ ਪੂਰੇ ਗੁਰ ਕੀ ਬਾਣੀ॥ ਪੂਰੇ ਗੁਰ ਤੇ ਉਪਜੀ ਸਾਚਿ ਸਮਾਣੀ॥ (੭੫੪)

- ਮੀਠਾ ਬੋਲੇ ਅੰਮ੍ਰਿਤ ਬਾਣੀ ਅਨਦਿਨੁ ਹਰਿ ਗੁਣ ਗਾਉ॥
ਨਿਜ ਘਰਿ ਵਾਸਾ ਸਦਾ ਸੋਹਦੇ ਨਾਨਕ ਤਿਨ ਮਿਲਿਆ ਸੁਖੁ ਪਾਉ॥ (੮੫੩)

- ਜੀਭ ਰਸਾਇਣਿ ਸਾਚੈ ਰਾਤੀ॥ ਹਰਿ ਪ੍ਰਭੁ ਸੰਗੀ ਭਉ ਨ ਭਰਾਤੀ॥
ਸ੍ਰਵਣ ਸ੍ਰੋਤ ਰਜੇ ਗੁਰਬਾਣੀ ਜੋਤੀ ਜੋਤਿ ਮਿਲਾਈ ਹੇ॥ (੧੦੨੩)

- ਸੇ ਜਨ ਮਿਲੇ ਧੁਰਿ ਆਪਿ ਮਿਲਾਏ॥ ਸਾਚੀ ਬਾਣੀ ਸਬਦਿ ਸੁਹਾਏ॥
ਨਾਨਕ ਜਨੁ ਗੁਣ ਗਾਵੈ ਨਿਤ ਸਾਚੇ ਗੁਣ ਗਾਵਹ ਗੁਣੀ ਸਮਾਹਾ ਹੇ॥ (੧੦੫੭)

- ਗੁਰਮੁਖਿ ਮਨੂਆ ਉਲਟਿ ਪਰਾਵੈ॥ ਗੁਰਮੁਖਿ ਬਾਣੀ ਨਾਦੁ ਵਜਾਵੈ॥
ਗੁਰਮੁਖਿ ਸਚਿ ਰਤੇ ਬੈਰਾਗੀ ਨਿਜ ਘਰਿ ਵਾਸਾ ਪਾਇਦਾ॥ (੧੦੫੮)

- ਪੂਰੇ ਗੁਰ ਕੀ ਪੂਰੀ ਬਾਣੀ॥ ਪੂਰੈ ਲਾਗਾ ਪੂਰੇ ਮਾਹਿ ਸਮਾਣੀ॥ (੧੦੭੪)

- ਸਤਿਗੁਰ ਕੀ ਬਾਣੀ ਸਦਾ ਸੁਖੁ ਹੋਇ॥ ਜੋਤੀ ਜੋਤਿ ਮਿਲਾਏ ਸੋਇ॥ (੧੧੭੫)

- ਆਪੇ ਮੇਲਿ ਲਏ ਅਕਥੁ ਕਥੀਐ ਸਚੁ ਸਬਦੁ ਸਚੁ ਬਾਣੀ॥
ਨਾਨਕ ਸਾਚੇ ਸਚਿ ਸਮਾਣੇ ਹਰਿ ਕਾ ਨਾਮੁ ਵਖਾਣੀ॥ (੧੨੩੩)

(੧੫) ਗੁਰਬਾਣੀ ਕਮਾਉਣ ਹਾਰਿਆਂ ਤੋਂ ਗੁਰੂ ਬਲਿਹਾਰ

- ਹਉ ਵਾਰੀ ਜੀਉ ਵਾਰੀ ਗੁਰ ਕੀ ਬਾਣੀ ਮੰਨਿ ਵਸਾਵਣਿਆ॥
ਅੰਜਨ ਮਾਹਿ ਨਿਰੰਜਨੁ ਪਾਇਆ ਜੋਤੀ ਜੋਤਿ ਮਿਲਾਵਣਿਆ॥ (੧੧੨)

- ਹਉ ਵਾਰੀ ਜੀਉ ਵਾਰੀ ਅੰਮ੍ਰਿਤ ਬਾਣੀ ਮੰਨਿ ਵਸਾਵਣਿਆ॥
ਅੰਮ੍ਰਿਤ ਬਾਣੀ ਮੰਨਿ ਵਸਾਏ ਅੰਮ੍ਰਿਤੁ ਨਾਮੁ ਧਿਆਵਣਿਆ॥ (੧੧੮)

(੧੬) ਗੁਰਬਾਣੀ ਦੇ ਅਭਿਆਸ ਲਈ ਗੁਰੂ ਸਾਹਿਬ ਦੇ ਪਿਆਰ ਭਰੇ ਤਾਕੀਦੀ ਹੁਕਮ

- ਲਿਖੁ ਲੇਖਣਿ ਕਾਗਦਿ ਮਸਵਾਣੀ॥ ਰਾਮ ਨਾਮ ਹਰਿ ਅੰਮ੍ਰਿਤ ਬਾਣੀ॥ (੧੮੫)

- ਸਹਜਿ ਸੁਭਾਇ ਬੋਲੈ ਹਰਿ ਬਾਣੀ॥ ਆਠ ਪਹਰ ਪ੍ਰਭ ਸਿਮਰਹੁ ਪ੍ਰਾਣੀ॥ (੧੯੧)

- ਜੈਸੋ ਗੁਰਿ ਉਪਦੇਸਿਆ ਮੈ ਤੈਸੋ ਕਹਿਆ ਪੁਕਾਰਿ॥
ਨਾਨਕ ਕਹੈ ਸੁਨਿ ਰੇ ਮਨਾ ਕਰਿ ਕੀਰਤਨੁ ਹੋਇ ਉਧਾਰੁ॥ (੨੧੪)

- ਕੋਟਿ ਪੁੰਨ ਸੁਣਿ ਹਰਿ ਕੀ ਬਾਣੀ॥ ਕੋਟਿ ਫਲਾ ਗੁਰ ਤੇ ਬਿਧਿ ਜਾਣੀ॥ (੨੩੮)

- ਅਨਦਿਨੁ ਨਾਮੁ ਜਪਹੁ ਗੁਰਸਿਖਹੁ ਹਰਿ ਕਰਤਾ ਸਤਿਗੁਰੁ ਘਰੀ ਵਸਾਏ॥
ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਜਾਣਹੁ ਗੁਰਸਿਖਹੁ ਹਰਿ ਕਰਤਾ ਆਪਿ ਮੁਹਹੁ ਕਢਾਏ॥ (੩੦੮)

- ਏ ਮਨ ਰੂੜੇ ਰੰਗੁਲੇ ਤੂੰ ਸਚਾ ਰੰਗੁ ਚੜਾਇ॥ ਰੂੜੀ ਬਾਣੀ ਜੇ ਰਪੈ ਨਾ ਇਹੁ ਰੰਗੁ ਲਹੈ ਨ ਜਾਇ॥ (੪੨੭)

- ਮਨ ਨਾਮੁ ਜਪਿ ਨਾਮੁ ਆਰਾਧਿ ਅਨਦਿਨੁ ਨਾਮੁ ਵਖਾਣੀ॥
ਉਪਦੇਸੁ ਸੁਣਿ ਸਾਧ ਸੰਤਨ ਕਾ ਸਭ ਚੂਕੀ ਕਾਣਿ ਜਮਾਣੀ॥
ਜਿਨ ਕਉ ਕ੍ਰਿਪਾਲੁ ਹੋਆ ਪ੍ਰਭੁ ਮੇਰਾ ਸੇ ਲਾਗੇ ਗੁਰ ਕੀ ਬਾਣੀ॥ (੬੦੮)

- ਪ੍ਰਭ ਬਾਣੀ ਸਬਦੁ ਸੁਭਾਖਿਆ॥ ਗਾਵਹੁ ਸੁਣਹੁ ਪੜਹੁ ਨਿਤ ਭਾਈ ਗੁਰ ਪੂਰੈ ਤੂ ਰਾਖਿਆ॥ (੬੧੧)

- ਹਰਿ ਰਸੁ ਪੀਵਹੁ ਪੁਰਖ ਗਿਆਨੀ॥ ਸੁਣਿ ਸੁਣਿ ਮਹਾ ਤ੍ਰਿਪਤਿ ਮਨੁ ਪਾਵੈ ਸਾਧੂ ਅੰਮ੍ਰਿਤ ਬਾਨੀ॥ (੬੧੧)

- ਹੁਕਮੁ ਮੰਨਿਹੁ ਗੁਰੂ ਕੇਰਾ ਗਾਵਹੁ ਸਚੀ ਬਾਣੀ॥ ਕਹੈ ਨਾਨਕੁ ਸੁਣਹੁ ਸੰਤਹੁ ਕਥਿਹੁ ਅਕਥ ਕਹਾਣੀ॥ (੬੧੮)

- ਗੁਰਬਾਣੀ ਗਾਵਹ ਭਾਈ॥ ਓਹ ਸਫਲ ਸਦਾ ਸੁਖਦਾਈ॥ (੬੨੮)

- ਪਾਛੈ ਬਹੁਰਿ ਨ ਆਵਨੁ ਪਾਵਉ॥ ਅੰਮ੍ਰਿਤ ਬਾਣੀ ਘਟ ਤੇ ਉਚਰਉ ਆਤਮ ਕਉ ਸਮਝਾਵਉ॥ (੬੬੩)

- ਸੋ ਕਿਛੁ ਕਰਿ ਜਿਤੁ ਛੁਟਹਿ ਪਰਾਨੀ॥ ਹਰਿ ਹਰਿ ਨਾਮੁ ਜਪਿ ਅੰਮ੍ਰਿਤ ਬਾਨੀ॥ (੭੪੧)

- ਜਾਗੁ ਸਲੋਨੜੀਏ ਬੋਲੈ ਗੁਰਬਾਣੀ ਰਾਮ॥ ਜਿਨਿ ਸੁਣਿ ਮੰਨਿਅੜੀ ਅਕਥ ਕਹਾਣੀ ਰਾਮ॥ (੮੪੪)

- ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ॥
ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ॥ (੯੨੦)

- ਏ ਸ੍ਰਵਣਹੁ ਮੇਰਿਹੋ ਸਾਚੈ ਸੁਨਣੈ ਨੋ ਪਠਾਏ॥ ਸਾਚੈ ਸੁਨਣੈ ਨੋ ਪਠਾਏ ਸਰੀਰਿ ਲਾਏ ਸੁਣਹੁ ਸਤਿ ਬਾਣੀ॥ (੯੨੨)

- ਅੰਮ੍ਰਿਤ ਬਾਣੀ ਅਮਿਉ ਰਸੁ ਅੰਮ੍ਰਿਤੁ ਹਰਿ ਕਾ ਨਾਉ॥ ਮਨਿ ਤਨਿ ਹਿਰਦੈ ਸਿਮਰਿ ਹਰਿ ਆਠ ਪਹਰ ਗੁਣ ਗਾਉ॥
ਉਪਦੇਸੁ ਸੁਣਹੁ ਤੁਮ ਗੁਰਸਿਖਹੁ ਸਚਾ ਇਹੈ ਸੁਆਉ॥ (੯੬੩)

– ਬੂਝਹੁ ਹਰਿ ਜਨ ਸਤਿਗੁਰ ਬਾਣੀ॥ ਏਹੁ ਜੋਬਨੁ ਸਾਸੁ ਹੈ ਦੇਹ ਪੁਰਾਣੀ॥
ਆਜੁ ਕਾਲਿ ਮਰਿ ਜਾਈਐ ਪ੍ਰਾਣੀ ਹਰਿ ਜਪੁ ਜਪਿ ਰਿਦੈ ਧਿਆਈ ਹੇ॥ (੧੦੨੫)

– ਕਾਇਆ ਕੰਚਨੁ ਸਬਦੁ ਵੀਚਾਰਾ॥ ਤਿਥੈ ਹਰਿ ਵਸੈ ਜਿਸ ਦਾ ਅੰਤੁ ਨ ਪਾਰਾਵਾਰਾ॥
ਅਨਦਿਨੁ ਹਰਿ ਸੇਵਿਹੁ ਸਚੀ ਬਾਣੀ ਹਰਿ ਜੀਉ ਸਬਦਿ ਮਿਲਾਇਦਾ॥ (੧੦੬੪)

– ਗੁਰ ਕੀ ਬਾਣੀ ਵਿਟਹੁ ਵਾਰਿਆ ਭਾਈ ਗੁਰ ਸਬਦ ਵਿਟਹੁ ਬਲਿ ਜਾਈ॥
ਗੁਰੁ ਸਾਲਾਹੀ ਸਦ ਅਪਣਾ ਭਾਈ ਗੁਰ ਚਰਣੀ ਚਿਤੁ ਲਾਈ॥ (੧੧੭੭)

– ਨਿਤ ਉਠਿ ਗਾਵਹੁ ਪ੍ਰਭ ਕੀ ਬਾਣੀ॥ ਆਠ ਪਹਰ ਹਰਿ ਸਿਮਰਹੁ ਪ੍ਰਾਣੀ॥ (੧੩੪੦)

– ਸੁਣਿ ਵਡਭਾਗੀਆ ਹਰਿ ਅੰਮ੍ਰਿਤ ਬਾਣੀ ਰਾਮ॥ ਜਿਨ ਕਉ ਕਰਮਿ ਲਿਖੀ ਤਿਸੁ ਰਿਦੈ ਸਮਾਣੀ ਰਾਮ॥
ਅਕਥ ਕਹਾਣੀ ਤਿਨੀ ਜਾਣੀ ਜਿਸੁ ਆਪਿ ਪ੍ਰਭੁ ਕਿਰਪਾ ਕਰੇ॥
ਅਮਰੁ ਥੀਆ ਫਿਰਿ ਨ ਮੂਆ ਕਲਿ ਕਲੇਸਾ ਦੁਖ ਹਰੇ॥
ਹਰਿ ਸਰਣਿ ਪਾਈ ਤਜਿ ਨ ਜਾਈ ਪ੍ਰਭ ਪ੍ਰੀਤਿ ਮਨਿ ਤਨਿ ਭਾਣੀ॥
ਬਿਨਵੰਤਿ ਨਾਨਕ ਸਦਾ ਗਾਈਐ ਪਵਿਤ੍ਰ ਅੰਮ੍ਰਿਤ ਬਾਣੀ॥ (੫੪੫)

– ਗੁਰ ਪੂਰੇ ਕੀ ਬਾਣੀ ਜਪਿ ਅਨਦੁ ਕਰਹੁ ਨਿਤ ਪ੍ਰਾਣੀ॥ (੬੧੬)

– ਸੁਣਿ ਸ੍ਰਵਣ ਬਾਣੀ ਸਹਜਿ ਜਾਣੀ ਹਰਿ ਨਾਮੁ ਜਪਿ ਵਡਭਾਗੈ॥ (੭੭੮)

– ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਇਹ ਬਾਣੀ ਰਸਨਾ ਭਾਖੀ॥
ਜਪਿ ਰਾਮ ਨਾਮੁ ਨਾਨਕ ਨਿਸਤਰੀਐ ਹੋਰੁ ਦੁਤੀਆ ਬਿਰਥੀ ਸਾਖੀ॥ (੧੨੨੭)

– ਗੁਰ ਕੀ ਬਾਣੀ ਸਿਉ ਲਾਇ ਪਿਆਰੁ॥ ਐਥੈ ਓਥੈ ਏਹੁ ਅਧਾਰੁ॥ (੧੩੩੫)

– ਮਨ ਰੇ ਸਦਾ ਅਨੰਦੁ ਗੁਣ ਗਾਇ॥ ਸਚੀ ਬਾਣੀ ਹਰਿ ਪਾਈਐ ਹਰਿ ਸਿਉ ਰਹੈ ਸਮਾਇ॥ (੩੬)

– ਗੁਰ ਸਤਿਗੁਰ ਕਾ ਜੋ ਸਿਖੁ ਅਖਾਏ ਸੁ ਭਲਕੇ ਉਠਿ ਹਰਿ ਨਾਮੁ ਧਿਆਵੈ॥
ਉਦਮੁ ਕਰੇ ਭਲਕੇ ਪਰਭਾਤੀ ਇਸਨਾਨੁ ਕਰੇ ਅੰਮ੍ਰਿਤ ਸਰਿ ਨਾਵੈ॥
ਉਪਦੇਸਿ ਗੁਰੂ ਹਰਿ ਹਰਿ ਜਪੁ ਜਾਪੈ ਸਭਿ ਕਿਲਵਿਖ ਪਾਪ ਦੋਖ ਲਹਿ ਜਾਵੈ॥
ਫਿਰਿ ਚੜੈ ਦਿਵਸੁ ਗੁਰਬਾਣੀ ਗਾਵੈ ਬਹਦਿਆ ਉਠਦਿਆ ਹਰਿ ਨਾਮੁ ਧਿਆਵੈ॥ (੩੦੫)

– ਸਾਚਾ ਸੇਵਹੁ ਸਾਚੀ ਬਾਣੀ॥ ਨਾਨਕ ਨਾਮੇ ਸਾਚਿ ਸਮਾਣੀ॥ (੧੧੭੫)

(੧੭) ਕੱਚੀ ਬਾਣੀ ਤਿਆਗਣ ਯੋਗ

- ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥
ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ॥
ਓਨ੍ਹਾ ਅੰਦਰਿ ਹੋਰੁ ਮੁਖਿ ਹੋਰੁ ਹੈ ਬਿਖੁ ਮਾਇਆ ਨੋ ਝਖਿ ਮਰਦੇ ਕੜੀਐ॥ (੩੦੪)

- ਸਤਿਗੁਰੂ ਬਿਨਾ ਹੋਰ ਕਚੀ ਹੈ ਬਾਣੀ॥ ਕਹਦੇ ਕਚੇ ਸੁਣਦੇ ਕਚੇ ਕਚੀਂ ਆਖਿ ਵਖਾਣੀ॥
ਹਰਿ ਹਰਿ ਨਿਤ ਕਰਹਿ ਰਸਨਾ ਕਹਿਆ ਕਛੂ ਨ ਜਾਣੀ॥
ਚਿਤੁ ਜਿਨ ਕਾ ਹਿਰਿ ਲਇਆ ਮਾਇਆ ਬੋਲਨਿ ਪਏ ਰਵਾਣੀ॥
ਕਹੈ ਨਾਨਕੁ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ॥ (੯੨੦)

- ਤ੍ਰੈ ਗੁਣ ਬਾਣੀ ਬੇਦ ਬੀਚਾਰੁ॥ ਬਿਖਿਆ ਮੈਲੁ ਬਿਖਿਆ ਵਾਪਾਰੁ॥ ਮਰਿ ਜਨਮਹਿ ਫਿਰਿ ਹੋਹਿ ਖੁਆਰੁ (੧੨੬੨)

- ਸਿਮ੍ਰਿਤਿ ਸਾਸਤ੍ਰ ਪੁੰਨ ਪਾਪ ਬੀਚਾਰਦੇ ਤਤੈ ਸਾਰ ਨ ਜਾਣੀ॥ ਤਤੈ ਸਾਰ ਨ ਜਾਣੀ ਗੁਰੂ ਬਾਝਹੁ ਤਤੈ ਸਾਰ ਨ ਜਾਣੀ॥
ਤਿਹੀ ਗੁਣੀ ਸੰਸਾਰੁ ਭ੍ਰਮਿ ਸੁਤਾ ਸੁਤਿਆ ਰੈਣਿ ਵਿਹਾਣੀ॥ (੯੨੦)

- ਦੋਵੈ ਤਰਫਾ ਉਪਾਇ ਇਕੁ ਵਰਤਿਆ॥ ਬੇਦ ਬਾਣੀ ਵਰਤਾਇ ਅੰਦਰਿ ਵਾਦੁ ਘਤਿਆ॥ (੧੨੮੦)

- ਬੇਦ ਬਾਣੀ ਜਗੁ ਵਰਤਦਾ ਤ੍ਰੈ ਗੁਣ ਕਰੇ ਬੀਚਾਰੁ॥ ਬਿਨੁ ਨਾਵੈ ਜਮ ਡੰਡੁ ਸਹੈ ਮਰਿ ਜਨਮੈ ਵਾਰੋ ਵਾਰ॥ (੧੨੭੬)

- ਕਥਾ ਕਹਾਣੀ ਬੇਦੀ ਆਣੀ ਪਾਪੁ ਪੁੰਨੁ ਬੀਚਾਰੁ॥ ਦੇ ਦੇ ਲੈਣਾ ਲੈ ਲੈ ਦੇਣਾ ਨਰਕਿ ਸੁਰਗਿ ਅਵਤਾਰ॥ (੧੨੪੩)

- ਬ੍ਰਹਮੈ ਬੇਦ ਬਾਣੀ ਪਰਗਾਸੀ ਮਾਇਆ ਮੋਹ ਪਸਾਰਾ॥
ਮਹਾਦੇਉ ਗਿਆਨੀ ਵਰਤੈ ਘਰਿ ਆਪਣੈ ਤਾਮਸੁ ਬਹੁਤੁ ਅਹੰਕਾਰਾ॥ (੫੫੯)

- ਬ੍ਰਹਮਾ ਮੂਲੁ ਵੇਦ ਅਭਿਆਸਾ॥ ਤਿਸ ਤੇ ਉਪਜੇ ਦੇਵ ਮੋਹ ਪਿਆਸਾ॥
ਤ੍ਰੈ ਗੁਣ ਭਰਮੇ ਨਾਹੀ ਨਿਜ ਘਰਿ ਵਾਸਾ॥ (੨੩੦)

- ਤ੍ਰੈ ਗੁਣ ਬਾਣੀ ਬ੍ਰਹਮ ਜੰਜਾਲਾ॥ ਪੜਿ ਵਾਦੁ ਵਖਾਣਹਿ ਸਿਰਿ ਮਾਰੇ ਜਮਕਾਲਾ॥
ਤਤੁ ਨ ਚੀਨਹਿ ਬੰਨਹਿ ਪੰਡ ਪਰਾਲਾ॥ (੨੩੦)

(੧੮) ਗੁਰਬਾਣੀ ਵਿਸਾਰਨ ਹਾਰਿਆਂ ਦੀ ਦੁਰਦਿਸ਼ਾ

- ਮਨਮੁਖ ਬੋਲੇ ਅੰਧੁਲੇ ਤਿਸੁ ਮਹਿ ਅਗਨੀ ਕਾ ਵਾਸੁ॥ ਬਾਣੀ ਸੁਰਤਿ ਨ ਬੁਝਨੀ ਸਬਦਿ ਨ ਕਰਹਿ ਪ੍ਰਗਾਸੁ॥
ਓਨਾ ਆਪਣੀ ਅੰਦਰਿ ਸੁਧਿ ਨਹੀ ਗੁਰ ਬਚਨਿ ਨ ਕਰਹਿ ਵਿਸਾਸੁ॥ (੧੪੧੫)

- ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥
ਮਨਮੁਖਿ ਫਿਰਹਿ ਸਦਾ ਦੁਖੁ ਪਾਵਹਿ ਡੂਬਿ ਮੁਏ ਵਿਣੁ ਪਾਣੀ॥ (੬੦੨)

– ਜੀਉ ਤਪਤੁ ਹੈ ਬਾਰੋ ਬਾਰ॥ ਤਪਿ ਤਪਿ ਖਪੈ ਬਹੁਤੁ ਬੇਕਾਰ॥
ਜੈ ਤਨਿ ਬਾਣੀ ਵਿਸਰਿ ਜਾਇ॥ ਜਿਉ ਪਕਾ ਰੋਗੀ ਵਿਲਲਾਇ॥ (੬੬੧)

– ਨ ਸਬਦੁ ਬੂਝੈ ਨ ਜਾਣੈ ਬਾਣੀ॥ ਮਨਮੁਖਿ ਅੰਧੇ ਦੁਖਿ ਵਿਹਾਣੀ॥ (੬੬੫)

– ਅਗਨਿ ਬਿੰਬ ਪਵਣੈ ਕੀ ਬਾਣੀ ਤੀਨਿ ਨਾਮ ਕੇ ਦਾਸਾ॥
ਤੇ ਤਸਕਰ ਜੋ ਨਾਮੁ ਨ ਲੇਵਹਿ ਵਾਸਹਿ ਕੋਟ ਪੰਚਾਸਾ॥ (੧੩੨੯)

(੩) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦਾ ਮੁਕੰਮਲ ਵੇਰਵਾ

ਨੋਟ: – ਮਾਸਟਰ ਜੁਗਿੰਦਰ ਸਿੰਘ ਜੀ ਨੇ ਇਹ ਵੇਰਵਾ ਆਪਣੀ ਪਹਿਲੀ ਪੁਸਤਕ "ਗੁਰਮਤਿ ਗੁਹਜ ਰਤਨ" ਵਿੱਚ ਛਾਪਿਆ ਸੀ।ਇਹ ਵੇਰਵਾ ਉਨ੍ਹਾਂ ਦੇ ਹੱਥ ਲਿਖਤ ਖਰੜਿਆਂ ਵਿੱਚ ਵੀ ਮੌਜੂਦ ਹੈ। ਵੇਰਵਾ ਲਿਖਣ ਤੋਂ ਪਹਿਲਾਂ ਨੋਟ ਲਿਖਿਆ ਹੋਇਆ ਹੈ ਜੋ ਇਸ ਪ੍ਰਕਾਰ ਹੈ:–

"ਇਹ ਵੇਰਵਾ ਸਰਦਾਰ ਜੀਵਨ ਸਿੰਘ ਜੀ ਪੁਸਤਕਾਂ ਵਾਲੇ ਅੰਮ੍ਰਿਤਸਰ ਨੇ 'ਮੌਜੀ' ਅਖ਼ਬਾਰ ਮਿਤੀ ੩੦ ਮਈ ੧੯੨੭ ਦੇ ਪਰਚੇ ਵਿੱਚ ਦਿੱਤਾ ਸੀ ਤੇ ਉਨ੍ਹਾਂ ਨੋਟ ਦਿੱਤਾ ਸੀ ਕਿ ਇਹ ਵੇਰਵਾ ਉਨ੍ਹਾਂ ਕਈ ਇਕ ਪੁਰਾਤਨ ਗ੍ਰੰਥਾਂ ਵਿੱਚੋਂ ਲਿਖਿਆ ਸੀ ।"

(੧) ਇਸ ਪਵਿੱਤ੍ਰ ਬੀੜ ਵਿੱਚ ਪੰਜਾਹ ਸਤ ਪੁਰਖਾਂ ਦੀ ਬਾਣੀ ਹੈ: –
(੧) ਪਹਿਲੀ ਪਾਤਸ਼ਾਹੀ (੨) ਦੂਜੀ ਪਾਤਸ਼ਾਹੀ (੩) ਤੀਜੀ ਪਾਤਸ਼ਾਹੀ (੪) ਚੌਥੀ ਪਾਤਸ਼ਾਹੀ (੫) ਪੰਜਵੀਂ ਪਾਤਸ਼ਾਹੀ (੬) ਛੇਵੀਂ ਪਾਤਸ਼ਾਹੀ ਦੀਆਂ ਧੁਨਾਂ (੭) ਨੌਵੀਂ ਪਾਤਸ਼ਾਹੀ (੮) ਭਗਤ ਕਬੀਰ ਜੀ (੯) ਭਗਤ ਫ਼ਰੀਦ ਜੀ (੧੦) ਭਗਤ ਨਾਮਦੇਵ ਜੀ (੧੧) ਭਗਤ ਧੰਨਾ ਜੀ (੧੨) ਭਗਤ ਸਧਨਾ ਜੀ (੧੩) ਭਗਤ ਸੈਣ ਜੀ (੧੪) ਭਗਤ ਪੀਪਾ ਜੀ (੧੫) ਭਗਤ ਰਵਿਦਾਸ ਜੀ (੧੬) ਪਰਮਾਨੰਦ ਜੀ (੧੭) ਮੀਰਾ ਬਾਈ (੧੮) ਸੂਰਦਾਸ ਜੀ (੧੯) ਬੇਣੀ ਜੀ (੨੦) ਤ੍ਰਿਲੋਚਨ ਜੀ (੨੧) ਜੈ ਦੇਵ ਜੀ (੨੨) ਰਾਮਾ ਨੰਦ ਜੀ (੨੩) ਸੱਤਾ (੨੪) ਬਲਵੰਡ (੨੫) ਸੁੰਦਰ (੨੬) ਜਮਾਲ (੨੭) ਰਤੰਗ (੨੮) ਸੰਮਨ (੨੯) ਮੂਸਨ (੩੦) ਈਸਰ (੩੧) ਗੋਰਖ (੩੨) ਭਰਥਰੀ (੩੩) ਗੋਪੀਚੰਤ ਅਤੇ ਸਤਾਰਾਂ ਭੱਟਾਂ ਦੇ ਸਵੱਯੇ। ਇਸ ਤਰ੍ਹਾਂ ਕੁੱਲ ਜੋੜ ੫੦ ਬਣਦਾ ਹੈ।

(੨) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਾਰੀ ਬਾਣੀ ਦੇ ਕੁੱਲ ਅੱਖਰ ਇਕਾਨਵੇਂ ਲੱਖ ਦੋ ਸੌ ਚੌਵੀ (੯੧੦੦੨੨੪) ਹਨ।

(੩) **ਮਹਲੇ ਪਹਿਲੇ** ਦੇ ਸ਼ਬਦ	੨੧੬
ਅਸਟਪਦੀਆਂ	੧੧੪
ਛੰਦ	੫੧
ਸੋਹਲੇ	੨੨
ਪਉੜੀਆਂ	੭੯
ਸਲੋਕ	੨੧੭
ਮਹਲੇ ਦੂਜੇ ਦੇ ਸਲੋਕ	੫੭

ਮਹਲੇ ਤੀਜੇ ਦੇ ਸ਼ਬਦ	੧੭੧
ਅਸਟਪਦੀਆਂ	੯੨
ਛੰਦ	੪੪
ਸ਼ੋਹਲੇ	੨੪
ਪਉੜੀਆਂ	੧੦੬
ਸਲੋਕ	੩੦੦
ਮਹਲੇ ਚੌਥੇ ਦੇ ਸ਼ਬਦ	੨੪੮
ਅਸਟਪਦੀਆਂ	੩੧
ਛੰਦ	੪੧
ਸੋਹਲੇ	੨
ਪਉੜੀਆਂ	੧੬੮
ਸਲੋਕ	੨੬੪
ਮਹਲੇ ਪੰਜਵੇਂ ਦੇ ਸ਼ਬਦ	੧੪੧੬
ਅਸਟਪਦੀਆਂ	੮੨
ਛੰਦ	੭੧
ਸੋਹਲੇ	੨੪
ਪਉੜੀਆਂ	੧੦੭
ਸਲੋਕ	੧੩੯
ਮਹਲੇ ਨੌਵੇਂ ਦੇ ਸ਼ਬਦ	੫੫
ਸਲੋਕ	੫੭
ਤਮਾਮ ਛੰਦਾਂ ਦਾ ਕੁੱਲ ਜੋੜ	੪੨੮੬ ਹੈ ।

(੪) ਭਗਤਾਂ ਦੇ ਸ਼ਬਦਾਂ ਦਾ ਵੇਰਵਾ ਇਉਂ ਹੈ: –

ਸ੍ਰੀ ਕਬੀਰ ਜੀ	੨੨੬
ਸ੍ਰੀ ਨਾਮਦੇਵ ਜੀ	੭੩
ਸ੍ਰੀ ਰਵਿਦਾਸ ਜੀ	੪੧
ਸ੍ਰੀ ਤ੍ਰਿਲੋਚਨ ਜੀ	੪
ਸ੍ਰੀ ਜੈਦੇਵ ਜੀ	੩
ਸ੍ਰੀ ਭੀਖਣ ਜੀ	੨
ਸ੍ਰੀ ਸੈਣ ਜੀ	੧
ਸ੍ਰੀ ਫ਼ਰੀਦ ਜੀ	੬
ਸ੍ਰੀ ਪੀਪਾ ਜੀ	੧
ਸ੍ਰੀ ਧੰਨਾ ਜੀ	੪
ਸ੍ਰੀ ਸਦਨਾ ਜੀ	੧
ਸ੍ਰੀ ਬੇਣੀ ਜੀ	੩
ਸ੍ਰੀ ਰਾਮਾ ਨੰਦ ਜੀ	੧
ਸ੍ਰੀ ਪਰਮਾਨੰਦ ਜੀ	੧

ਸ੍ਰੀ ਸੂਰਦਾਸ ਜੀ ੧

(੫) ਰਾਗਾਂ ਦੇ ਹਿਸਾਬ ਸ਼ਬਦਾਂ, ਅਸਟਪਦੀਆਂ ਤੇ ਛੰਦਾਂ ਦੀ ਵੰਡ ਇਸ ਪ੍ਰਕਾਰ ਹੈ : –

ਸ੍ਰੀ ਰਾਗ	੧੨੯
ਮਾਝ	੯੧
ਗਉੜੀ	੩੦੬
ਆਸਾ	੩੦੩
ਗੂਜਰੀ	੫੭
ਦੇਵ ਗੰਧਾਰੀ	੪੭
ਬਿਹਾਗੜਾ	੧੭
ਵਡਹੰਸ	੫੩
ਸੋਰਠਿ	੧੪੯
ਧਨਾਸਰੀ	੪੮
ਜੈਤਸਰੀ	੩੦
ਟੋਡੀ	੩੨
ਬੈਰਾੜੀ	੭
ਤਿਲੰਗ	੧੭
ਸੂਹੀ	੧੬੩
ਬਿਲਾਵਲ	੧੭੨
ਗੋਂਡ	੨੯
ਰਾਮਕਲੀ	੧੦੮
ਨਟ	੨੫
ਮਾਲੀ ਗੌੜਾ	੧੪
ਮਾਰੂ	੧੪੨
ਤੁਖਾਰੀ	੧੧
ਕੇਦਾਰਾ	੧੮
ਭੈਰਉ	੯੯
ਬਸੰਤ	੧੯੪
ਸਾਰੰਗ	੧੬੮
ਮਲਾਰ	੭੦
ਕਾਨੜਾ	੬੯
ਕਲਿਆਣ	੨੩
ਪ੍ਰਭਾਤੀ	੫੫
ਜੈਜੈਵੰਤੀ	੪